ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 1 ਦਸੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੧੬ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੰਜਾਬ ’ਚ ਦੌੜੇਗੀ ਬੁਲੇਟ ਟਰੇਨ, 186 ਪਿੰਡਾਂ ਦੀ ਜ਼ਮੀਨ ਹੋਵੇਗੀ ਐਕਵਾਇਰ

**ਚੰਡੀਗੜ੍ਹ, 30 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਚ ਜਲਦੀ ਹੀ ਬੁਲੇਟ ਟਰੇਨ ਚੱਲਣ ਜਾ ਰਹੀ ਹੈ। ਇਸ ਲਈ ਬਕਾਇਦਾ ਸਰਵੇ ਦਾ ਕੰਮ ਵੀ ਜੰਗੀ ਪੱਧਰ ਉਤੇ ਚੱਲ ਰਿਹਾ ਹੈ। ਬੁਲੇਟ ਟਰੇਨ ਨਾਲ ਦਿੱਲੀ ਤੋਂ ਅੰਮ੍ਰਿਤਸਰ ਤੱਕ ਦਾ 465 ਕਿਲੋਮੀਟਰ ਦਾ ਸਫਰ ਸਿਰਫ 2 ਘੰਟਿਆਂ ‘ਚ ਪੂਰਾ ਹੋਵੇਗਾ। ਮੀਡੀਆ ਰਿਪੋਰਟਾਂ ਮੁਤਾਬਕ ਦਿੱਲੀ ਅਤੇ ਅੰਮ੍ਰਿਤਸਰ ਵਿਚਕਾਰ ਇਹ ਰੇਲ ਗੱਡੀ ਚੰਡੀਗੜ੍ਹ ਸਮੇਤ 15 ਸਟੇਸ਼ਨਾਂ ’ਤੇ ਰੁਕੇਗੀ। ਇਸ ਬੁਲੇਟ ਟਰੇਨ ਦੀ ਵੱਧ ਤੋਂ ਵੱਧ ਸਪੀਡ 350 ਕਿਲੋਮੀਟਰ ਪ੍ਰਤੀ ਘੰਟਾ ਹੈ। ਇਸ ਦੀ ਰਨਿੰਗ ਸਪੀਡ 320 ਕਿਲੋਮੀਟਰ ਪ੍ਰਤੀ ਘੰਟਾ ਅਤੇ ਔਸਤ ਰਫ਼ਤਾਰ 250 ਕਿਲੋਮੀਟਰ ਪ੍ਰਤੀ ਘੰਟਾ ਹੋਵੇਗੀ। ਦੱਸਿਆ ਜਾ ਰਿਹਾ ਹੈ ਕਿ ਇਸ ਹਾਈ ਸਪੀਡ ਟਰੇਨ ’ਚ 750 ਯਾਤਰੀ ਸਫ਼ਰ ਕਰ ਸਕਣਗੇ। ਸੂਤਰਾਂ ਮੁਤਾਬਕ ਇਸ ਬੁਲੇਟ ਟਰੇਨ ਪ੍ਰਾਜੈਕਟ ਲਈ ਦਿੱਲੀ ਅਤੇ ਅੰਮ੍ਰਿਤਸਰ ਵਿਚਕਾਰ ਪੈਂਦੇ 343 ਪਿੰਡਾਂ ਦੀ ਜ਼ਮੀਨ ਐਕਵਾਇਰ ਕੀਤੀ ਜਾਵੇਗੀ। ਇਸ ਵਿਚ ਦਿੱਲੀ ਦੇ 22 ਪਿੰਡ, ਹਰਿਆਣਾ ਦੇ 135 ਅਤੇ ਪੰਜਾਬ ਦੇ 186 ਪਿੰਡ ਸ਼ਾਮਲ ਹੋਣਗੇ। ਦਿੱਲੀ ਅਤੇ ਅੰਮ੍ਰਿਤਸਰ ਦਰਮਿਆਨ ਇਸ ਹਾਈ ਸਪੀਡ ਰੇਲਗੱਡੀ ਦੀ ਨਵੀਂ ਰੇਲਵੇ ਲਾਈਨ ਲਈ ਸਰਵੇ ਦਾ ਕੰਮ ਤੇਜ਼ੀ ਨਾਲ ਕੀਤਾ ਜਾ ਰਿਹਾ ਹੈ। ਸੂਤਰ ਦੱਸਦੇ ਹਨ ਕਿ ਇਸ ਪ੍ਰਾਜੈਕਟ ਵਿਚ ਮੋਹਾਲੀ ਜ਼ਿਲ੍ਹੇ ਦੇ 39, ਜਲੰਧਰ ਦੇ 49, ਲੁਧਿਆਣਾ ਦੇ 37, ਅੰਮ੍ਰਿਤਸਰ ਦੇ 22, ਫਤਹਿਗੜ੍ਹ ਸਾਹਿਬ ਦੇ 25, ਕਪੂਰਥਲਾ ਦੇ 12 ਅਤੇ ਤਰਨਤਾਰਨ ਅਤੇ ਰੂਪਨਗਰ ਜ਼ਿਲ੍ਹੇ ਦਾ ਇਕ-ਇਕ ਪਿੰਡ ਸ਼ਾਮਲ ਕੀਤਾ ਜਾਵੇਗਾ। ਨਵੀਂ ਰੇਲਵੇ ਲਾਈਨ ਹੇਠ ਆਉਣ ਵਾਲੇ ਪਿੰਡਾਂ ਦੇ ਕਿਸਾਨਾਂ ਨਾਲ IIMR ਏਜੰਸੀ ਦੀ ਤਰਫੋਂ ਮੀਟਿੰਗਾਂ ਦਾ ਦੌਰ ਚੱਲ ਰਿਹਾ ਹੈ। ਕਿਸਾਨਾਂ ਨੂੰ ਜ਼ਮੀਨ ਲਈ ਹਰ ਪਿੰਡ ਦੇ ਕੁਲੈਕਟਰ ਰੇਟ ਤੋਂ ਪੰਜ ਗੁਣਾ ਵੱਧ ਰਕਮ ਦਿੱਤੀ ਜਾਵੇਗੀ।

### ਤਰਕਸ਼ੀਲ ਸੋਸਾਇਟੀ ਵੱਲੋਂ

# ਨਵਜੋਤ ਕੌਰ ਸਿੱਧੂ ਦੇ ਦਾਅਵੇ ਨੂੰ ਚੁਣੌਤੀ

**ਅੰਮ੍ਰਿਤਸਰ, 30 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਤਰਕਸ਼ੀਲ ਸੋਸਾਇਟੀ ਪੰਜਾਬ ਨੇ ਸਾਬਕਾ ਸੰਸਦ ਮੈਂਬਰ ਅਤੇ ਪੰਜਾਬ ਕਾਂਗਰਸ ਦੇ ਸਾਬਕਾ ਪ੍ਰਧਾਨ ਨਵਜੋਤ ਸਿੰਘ ਸਿੱਧੂ ਵੱਲੋਂ ਆਪਣੀ ਪਤਨੀ ਡਾ. ਨਵਜੋਤ ਕੌਰ ਸਿੱਧੂ ਦੇ ਚੌਥੀ ਸਟੇਜ ਦੇ ਕੈਂਸਰ ਰੋਗ ਨੂੰ ਦੇਸੀ ਇਲਾਜ ਦੇ ਕੁਝ ਨੁਸਖ਼ਿਆਂ, ਖਾਣ-ਪੀਣ ਦੇ ਪ੍ਰਹੇਜ਼ ਅਤੇ ਜੀਵਨ ਸ਼ੈਲੀ



ਰਾਹੀਂ ਹੀ ਸਿਹਤਯਾਬ ਹੋਣ ਦੇ ਗ਼ੈਰ ਵਿਗਿਆਨਕ ਦਾਅਵੇ ਨੂੰ ਖਾਰਜ ਕਰਦਿਆਂ ਇਸ ਦੀ ਤੱਥਾਂ ਸਹਿਤ ਡਾਕਟਰੀ ਪਰਮਾਣਿਕਤਾ ਸਿੱਧ ਕਰਨ ਦੀ ਚੁਣੌਤੀ ਦਿੱਤੀ ਹੈ ਅਤੇ ਸਿਹਤ ਮੰਤਰਾਲੇ ਨੂੰ ਇਸ ਦਾ ਗੰਭੀਰ ਨੋਟਿਸ ਲੈ ਕੇ ਬਣਦੀ ਕਾਨੂੰਨੀ ਕਾਰਵਾਈ ਕਰਨ ਦੀ ਜ਼ੋਰਦਾਰ ਮੰਗ ਕੀਤੀ ਹੈ। ਤਰਕਸ਼ੀਲ ਸੋਸਾਇਟੀ ਦੇ ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਜੋਗਿੰਦਰ ਕੁੱਲੇਵਾਲ, ਜਸਵਿੰਦਰ ਫਗਵਾੜਾ, ਸੁਮੀਤ ਅੰਮ੍ਰਿਤਸਰ ਅਤੇ ਸੰਦੀਪ ਧਾਰੀਵਾਲ ਭੋਜਾਂ ਨੇ ਕਿਹਾ ਕਿ ਆਧੁਨਿਕ ਡਾਕਟਰੀ ਇਲਾਜ ਪ੍ਰਣਾਲੀ ਵਿਚ ਡੇਅਰੀ ਉਤਪਾਦ ਤੇ ਖੰਡ ਨਾ ਖਾਣ ਅਤੇ ਹਲਦੀ ਤੇ ਨਿੰਮ ਦਾ ਸੇਵਨ ਕਰਨ ਨਾਲ ਚੌਥੀ ਸਟੇਜ ਦੇ ਲਾਇਲਾਜ ਕੈਂਸਰ ਨੂੰ ਸਿਰਫ ਚਾਲੀ ਦਿਨਾਂ ਵਿਚ ਖ਼ਤਮ ਕਰਨ ਦੇ ਦਾਅਵੇ ਦੀ ਕੋਈ ਵਿਗਿਆਨਕ ਅਤੇ ਮੈਡੀਕਲ ਪ੍ਰਮਾਣਿਕ ਸੱਚਾਈ ਮੌਜੂਦ ਨਹੀਂ ਹੈ ਅਤੇ ਇਕ ਨਾਮਵਰ ਸਿਆਸਤਦਾਨ ਵੱਲੋਂ ਪੂਰੀ ਗ਼ੈਰ ਜ਼ਿੰਮੇਵਾਰੀ ਦਾ ਸਬੂਤ ਦਿੰਦੇ ਹੋਏ ਅਜਿਹਾ ਗ਼ੈਰ ਵਿਗਿਆਨਕ ਦਾਅਵਾ ਕਰਨਾ ਜਿੱਥੇ ਸਮਾਜ ਲਈ ਬੇਹੱਦ ਖਤਰਨਾਕ ਹੈ, ਉਥੇ ਹੀ ਡਰੱਗਜ਼ ਤੇ ਮੈਜਿਕ ਰੈਮੇਡੀਜ਼ ਇਤਰਾਜ਼ਯੋਗ ਇਸ਼ਿਤਹਾਰਬਾਜ਼ੀ ਕਾਨੂੰਨ 1954 ਦੀ ਸਿੱਧੀ ਉਲੰਘਣਾ ਵੀ ਹੈ। ਤਰਕਸ਼ੀਲ ਆਗੂਆਂ ਨੇ ਦੱਸਿਆ ਕਿ ਟਾਟਾ ਕੈਂਸਰ ਮੈਮੋਰੀਅਲ ਹਸਪਤਾਲ ਅਤੇ ਏਮਜ਼ ਦੇ ਮਾਹਿਰ ਡਾਕਟਰਾਂ ਨੇ ਵੀ ਇਕ ਵਿਸ਼ੇਸ਼ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਹੈ ਕਿ ਮੌਜੂਦਾ ਡਾਕਟਰੀ ਇਲਾਜ ਪ੍ਰਣਾਲੀ ਵਿੱਚ ਕੋਈ ਵੀ ਅਜਿਹਾ ਕਲੀਨੀਕਲ ਡਾਟਾ ਨਹੀਂ ਹੈ ਜੋ ਅਜਿਹੇ ਦੇਸੀ ਟੋਟਕਿਆਂ ਨੂੰ ਕੈਂਸਰ ਵਿਰੋਧੀ ਏਜੰਟ ਵਜੋਂ ਵਰਤਣ ਦੀ ਸਿਫ਼ਾਰਸ਼ ਕਰਦਾ ਹੋਵੇ। ਛੱਤੀਸਗੜ੍ਹ ਸਿਵਲ ਸੁਸਾਇਟੀ ਨੇ ਤਾਂ ਨਵਜੋਤ ਸਿੱਧੂ ਨੂੰ ਕਾਨੂੰਨੀ ਨੋਟਿਸ ਵੀ ਭੇਜਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਅਜਿਹਾ ਸੰਭਵ ਹੁੰਦਾ ਤਾਂ ਕੈਂਸਰ ਦੇ ਲੱਖਾਂ ਮਰੀਜ਼ਾਂ ਨੂੰ ਮਹਿੰਗੇ ਡਾਕਟਰੀ ਇਲਾਜ ਦੀ ਬਜਾਇ ਅਜਿਹੇ ਦੇਸੀ ਟੋਟਕਿਆਂ ਨਾਲ ਹੀ ਬਚਾਇਆ ਜਾ ਸਕਦਾ ਸੀ।

## ਸ਼ਹੀਦੀ ਪੰਦਰਵਾੜੇ ਅਤੇ ਦਸਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਉਪਰੰਤ ਪੰਜਾਬ ਨਗਰ ਨਿਗਮ ਤੇ ਨਗਰ ਕੌਂਸਲ ਦੀਆਂ ਚੋਣਾਂ ਕਰਵਾਈਆਂ ਜਾਣ: ਐਡਵੋਕੇਟ ਧਾਮੀ

ਨਵੀਂ ਦਿੱਲੀ 30 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਾਬ ਦੇ ਮੁੱਖ ਚੋਣ ਕਮਿਸ਼ਨਰ ਨੂੰ ਪੱਤਰ ਲਿਖ ਕੇ ਨਗਰ ਨਿਗਮ ਤੇ ਨਗਰ ਕੌਂਸਲ ਦੀਆਂ ਚੋਣਾਂ ਜਨਵਰੀ 2025 ਵਿਚ ਕਰਵਾਉਣ ਲਈ ਕਿਹਾ ਹੈ। ਪੱਤਰ ਵਿਚ ਕਿਹਾ ਗਿਆ ਹੈ ਕਿ ਦਸੰਬਰ ਮਹੀਨੇ ਦਾ ਦੂਜਾ ਪੰਦਰਵਾੜਾ ਸਿੱਖ ਇਤਿਹਾਸ ਅੰਦਰ ਵੱਡੀ ਮਹੱਤਤਾ ਰੱਖਦਾ ਹੈ, ਕਿਉਂਕਿ ਇਨ੍ਹਾਂ ਦਿਨਾਂ ਵਿਚ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ, ਮਾਤਾ ਗੁਜਰ ਕੌਰ ਜੀ ਅਤੇ ਪਿਆਰੇ ਸਿੱਖਾਂ ਦੀਆਂ ਸ਼ਹਾਦਤਾਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਸਿੱਖ ਕੌਮ ਇਨ੍ਹਾਂ ਦਿਨਾਂ ’ਚ ਭਾਵੁਕਤਾ ਅਤੇ ਵੈਰਾਗ ਵਿਚੋਂ ਲੰਘਦੀ ਹੈ ਅਤੇ ਆਪਣੇ ਸ਼ਹੀਦਾਂ ਦੇ ਸਤਿਕਾਰ ਵਜੋਂ ਕਿਸੇ ਵੀ ਤਰ੍ਹਾਂ ਦੇ ਖ਼ੁਸ਼ੀ ਵਾਲੇ ਸਮਾਗਮ ਕਰਨ ਤੋਂ ਗੁਰੇਜ਼ ਕਰਦੀ ਹੈ। ਸੰਗਤਾਂ ਵੱਲੋਂ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਯਾਦ ਕਰਦਿਆਂ ਇਹ ਦਿਹਾੜੇ ਸ਼ਰਧਾ ਪੂਰਵਕ ਮਨਾਏ ਜਾਂਦੇ ਹਨ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਸਰਬੰਸਦਾਨੀ ਸ੍ਰੀ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਵੀ 6 ਜਨਵਰੀ 2025 ਨੂੰ ਆ ਰਿਹਾ ਹੈ, ਜੋ ਸਿੱਖ ਕੌਮ ਵੱਲੋਂ ਪੂਰੇ ਵਿਸ਼ਵ ਵਿਚ ਖ਼ਾਲਸਾਈ ਪ੍ਰੰਪਰਾਵਾਂ ਅਨੁਸਾਰ ਮਨਾਇਆ ਜਾਂਦਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਇਨ੍ਹਾਂ ਦਿਨਾਂ ਵਿਚ ਪੰਜਾਬ ਸਰਕਾਰ ਵੱਲੋਂ ਨਗਰ ਨਿਗਮਾਂ ਅਤੇ ਨਗਰ ਕੌਂਸਲਾਂ ਦੀਆਂ ਚੋਣਾਂ ਕਰਵਾਈਆਂ ਜਾਣੀਆਂ ਕਿਸੇ ਵੀ ਤਰ੍ਹਾਂ ਯੋਗ ਨਹੀਂ ਹੋਣਗੀਆਂ। ਉਨ੍ਹਾਂ ਕਿਹਾ ਕਿ ਸਿੱਖ ਸੰਗਤਾਂ ਵੱਲੋਂ ਵੱਡੇ ਪੱਧਰ ’ਤੇ ਸ਼੍ਰੋਮਣੀ ਕਮੇਟੀ ਤਕ ਪਹੁੰਚ ਕੀਤੀ ਜਾ ਰਹੀ ਹੈ ਕਿ ਇਨ੍ਹਾਂ ਚੋਣਾਂ ਦੀਆਂ ਤਰੀਕਾਂ ਸ਼ਹੀਦੀ ਪੰਦਰਵਾੜੇ ਅਤੇ ਦਸਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਨੂੰ ਧਿਆਨ ਵਿਚ ਰੱਖ ਕੇ ਤੈਅ ਕਰਨ ਲਈ ਸਰਕਾਰ ਤੱਕ ਪਹੁੰਚ ਕੀਤੀ ਜਾਵੇ। ਇਸ ਦੇ ਮੱਦੇਨਜ਼ਰ ਪੰਜਾਬ ਦੇ ਮੁੱਖ ਚੋਣ ਅਫ਼ਸਰ ਨੂੰ ਪੱਤਰ ਲਿਖ ਕੇ ਅਪੀਲ ਕੀਤੀ ਹੈ ਕਿ ਸਿੱਖ ਇਤਿਹਾਸ ਦੇ ਇਨ੍ਹਾਂ ਦਿਹਾੜਿਆਂ ਅਤੇ ਸੰਗਤਾਂ ਦੀ ਮੰਗ ਨੂੰ ਧਿਆਨ ਵਿਚ ਰੱਖਦਿਆਂ ਨਗਰ ਨਿਗਮ ਅਤੇ ਨਗਰ ਕੌਂਸਲਾਂ ਦੀਆਂ ਸਥਾਨਕ ਚੋਣਾਂ ਸਬੰਧੀ ਤਰੀਕਾਂ ਜਨਵਰੀ 2025 ਵਿਚ ਹੀ ਨਿਰਧਾਰਤ ਕੀਤੀਆਂ ਜਾਣ।




## ਪੰਜਾਬ ’ਚ ਨਗਰ ਨਿਗਮ ਚੋਣਾਂ ਨੂੰ ਲੈ ਕੇ ਵੱਡੀ ਖ਼ਬਰ



**ਚੰਡੀਗੜ੍ਹ, 30 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸੂਬੇ ’ਚ 5 ਨਗਰ ਨਿਗਮਾਂ ਅਤੇ 42 ਨਗਰ ਕੌਂਸਲਾਂ ਦੀਆਂ ਚੋਣਾਂ ਦਾ ਸ਼ਿਡਊਲ ਰਾਜ ਚੋਣ ਕਮਿਸ਼ਨ ਵਲੋਂ ਅਜੇ ਜਾਰੀ ਨਹੀਂ ਕੀਤਾ ਗਿਆ ਹੈ। ਹਾਲਾਂਕਿ ਕਮਿਸ਼ਨ ਨੇ ਸਪੱਸ਼ਟ ਕੀਤਾ ਹੈ ਕਿ ਜਲੰਧਰ, ਲੁਧਿਆਣਾ, ਅੰਮ੍ਰਿਤਸਰ ਅਤੇ ਪਟਿਆਲਾ ਨਗਰ ਨਿਗਮ ਚੋਣਾਂ 2023 ਦੀ ਨਵੀਂ ਵਾਰਡਬੰਦੀ ਮੁਤਾਬਕ ਹੋਣਗੀਆਂ। ਫਗਵਾੜਾ ਨਗਰ ਨਿਗਮ ਦੀ ਚੋਣ 2020 ਦੀ ਵਾਰਡਬੰਦੀ ਮੁਤਾਬਕ ਹੋਵੇਗੀ। ਇਸ ਸਬੰਧੀ ਸਬੰਧਿਤ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨੂੰ ਜਾਣਕਾਰੀ ਦੇ ਦਿੱਤੀ ਗਈ ਹੈ। ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ ’ਚ ਵਾਰਡਬੰਦੀ ਨੂੰ ਲੈ ਕੇ ਭੰਬਲਭੂਸੇ ਵਾਲੀ ਸਥਿਤੀ ਸੀ। ਸੂਬੇ ’ਚ 2023 ’ਚ ਡੀ-ਲਿਮਿਟੇਸ਼ਨ ਹੋਈ ਸੀ, ਪਰ ਇਹ ਸਪੱਸ਼ਟ ਨਹੀਂ ਸੀ ਕਿ ਚੋਣਾਂ 2023 ਦੀ ਡੀ-ਲਿਮਿਟੇਸ਼ਨ ਮੁਤਾਬਕ ਹੋਣਗੀਆਂ ਜਾਂ ਫਿਰ ਪੁਰਾਣੇ ਵਾਰਡਾਂ ਦੇ ਮੁਤਾਬਕ। ਹੁਣ ਰਾਜ ਚੋਣ ਕਮਿਸ਼ਨ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਨਗਰ ਕੌਂਸਲ ਡੇਰਾ ਬਾਬਾ ਨਾਨਕ ਦੀਆਂ ਚੋਣਾਂ 2021, ਧਰਮਕੋਟ ਦੀਆਂ 2017, ਖਨੌਰੀ ਦੀਆਂ 2017, ਤਰਨਤਾਰਨ ਦੀਆਂ 2021, ਭਾਦਸੋਂ ਦੀਆਂ 2019 ਅਤੇ ਤਲਵਾੜਾ ਦੀਆਂ ਚੋਣਾਂ 2019 ਦੀ ਵਾਰਡਬੰਦੀ ਮੁਤਾਬਕ ਹੋਣਗੀਆਂ। ਹੋਰ ਨਗਰ ਕੌਂਸਲ ਦੀਆਂ ਚੋਣਾਂ 2023 ਦੀ ਵਾਰਡਬੰਦੀ ਮੁਤਾਬਕ ਹੋਣਗੀਆਂ। ਚੋਣਾਂ ਕਦੋਂ ਹੋਣਗੀਆਂ, ਇਸ ਨੂੰ ਲੈ ਕੇ ਅਜੇ ਤਸਵੀਰ ਸਪੱਸ਼ਟ ਨਹੀਂ ਹੋ ਸਕੀ ਹੈ। ਰਾਜ ਚੋਣ ਕਮਿਸ਼ਨ ’ਤੇ ਦਸੰਬਰ ਦੇ ਦੂਜੇ ਜਾਂ ਤੀਜੇ ਹਫ਼ਤੇ ’ਚ ਹੀ ਚੋਣਾਂ ਕਰਾਉਣ ਦਾ ਦਬਾਅ ਹੈ। ਫਿਰ ਸ਼ਹੀਦੀ ਸਭਾ ਸ਼ੁਰੂ ਹੋ ਜਾਵੇਗੀ। 6 ਜਨਵਰੀ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਹੈ। ਆਮ ਆਦਮੀ ਪਾਰਟੀ ਜਨਵਰੀ ’ਚ ਚੋਣਾਂ ਕਰਾਉਣ ਦੇ ਪੱਖ ’ਚ ਨਹੀਂ ਹੈ ਕਿਉਂਕਿ ਉਦੋਂ ਤੱਕ ਦਿਲੀ ਵਿਧਾਨ ਸਭਾ ਚੋਣਾਂ ਦਾ ਐਲਾਨ ਹੋ ਸਕਦਾ ਹੈ।

## ਪੰਜਾਬ ਦੇ ਇਸ ਪਿੰਡ ਜਵਾਹਰਕੇ ਵਿਚ ਲਵ-ਮੈਰਿਜ ਹੋਈ ਬੈਨ, ਹੈਰਾਨੀਜਨਕ ਮਤੇ ਕੀਤੇ ਪਾਸ

**ਮਾਨਸਾ, 30 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਮਾਨਸਾ ਦੇ ਪਿੰਡ ਜਵਾਹਰਕੇ ਦੀ ਪੰਚਾਇਤ ਨੇ ਪਿੰਡ ਵਾਸੀਆਂ ਲਈ ਸਖ਼ਤ ਫ਼ਰਮਾਨ ਜਾਰੀ ਕੀਤੇ ਹਨ। ਸਰਬ ਸੰਮਤੀ ਨਾਲ ਪਾਸ ਕੀਤੇ ਮਤਿਆਂ ਵਿਚ ਸਾਫ਼ ਆਖਿਆ ਗਿਆ ਹੈ ਕਿ ਜੇਕਰ ਪਿੰਡ ਦਾ ਕੋਈ ਵਿਅਕਤੀ ਕਿਸੇ ਪਰਵਾਸੀ ਨਾਲ ਵਿਆਹ ਕਰਵਾਉਂਦਾ ਹੈ ਤਾਂ ਉਸ ਨੂੰ ਪਿੰਡ ਵਿਚ ਰਹਿਣ ਨਹੀਂ ਦਿੱਤਾ ਜਾਵੇਗਾ। ਪੰਚਾਇਤੀ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਖ਼ਿਲਾਫ਼ ਸਖ਼ਤ ਕਾਰਵਾਈ ਹੋਵੇਗੀ। ਇਸ ਤੋਂ ਇਲਾਵਾ ਪਿੰਡ ਵਿਚ ਲਵ ਮੈਰਿਜ ਵੀ ਬੈਨ ਕੀਤੀ ਗਈ ਹੈ। ਹੁਕਮਾਂ ਵਿਚ ਇਹ ਵੀ ਆਖਿਆ ਗਿਆ ਹੈ ਕਿ ਜੇਕਰ ਪਿੰਡ ਦਾ ਕੋਈ ਮੁੰਡਾ-ਕੁੜੀ ਪਿੰਡ ਵਿਚ ਹੀ ਵਿਆਹ ਕਰਵਾਉਂਦਾ ਹੈ ਤਾਂ ਉਸ ਨੂੰ ਵੀ ਪਿੰਡ ਵਿਚ ਰਹਿਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।




* ਸਵੇਰੇ ਸਕੂਲ ਸਮੇਂ ਬੱਸ ਅੱਡੇ ਵਿਚ ਜੇ ਕੋਈ ਮੁੰਡਾ ਬਿਨਾਂ ਕੰਮ ਤੋਂ ਖੜ੍ਹਦਾ ਹੈ ਤਾਂ ਉਹ ਆਪਣੀ ਜ਼ਿੰਮੇਵਾਰੀ ਆਪ ਲਵੇਗਾ। ਪਿੰਡ ਦੇ ਚਾਰੇ ਪਾਸੇ ਬਿਨਾਂ ਕੰਮ ਤੋਂ ਨਾ ਖੜ੍ਹਿਆ ਜਾਵੇ। ਪ੍ਰਸ਼ਾਸਨ ਵਲੋਂ ਹਦਾਇਤ ਹੈ।

* ਚਿੱਟਾ ਵੇਚਣ ਵਾਲਾ ਜਾਂ ਪੀਣ ਵਾਲੇ ਦਾ ਜੋ ਵੀ ਸਾਥ ਦਿੰਦਾ ਹੈ ਉਸ ਦਾ ਬਾਈਕਾਟ ਕੀਤਾ ਜਾਵੇਗਾ।

* ਸਕੂਲ ਦੇ ਵਿਦਿਆਰਥੀਆਂ ਨੂੰ ਕੋਈ ਵੀ ਦੁਕਾਨਦਾਰ ਤੰਬਾਕੂ ਸਿਗਰੇਟ ਨਹੀਂ ਦੇਵੇਗਾ। ਜੇਕਰ ਕੋਈ ਦੁਕਾਨਦਾਰ ਹੁਕਮਾਂ ਦੀ ਉਲੰਘਣਾ ਕਰਦਾ ਹੈ ਤਾਂ ਉਸ ਨੂੰ 15000 ਰੁਪਏ ਜੁਰਮਾਨਾ ਕੀਤਾ ਜਾਵੇਗਾ।

* ਪਿੰਡ ਦੇ ਚਾਰੇ ਪਾਸੇ ਗੰਦ ਨਾ ਫੈਲਾਇਆ ਜਾਵੇ। ਸੜਕ ਦੀ ਜਗ੍ਹਾ ਵਿਚ ਕੋਈ ਵੀ ਕੂੜਾ ਕਰਕਟ ਨਾ ਸੁੱਟਿਆ ਜਾਵੇ। ਪਿੰਡ ਦੀ ਫਿਰਨੀ ’ਤੇ ਜੋ ਪਹਾੜੀ ਕਿੱਕਰਾਂ ਹਨ, ਉਹ ਕੋਈ ਵੀ ਕੱਟ ਸਕਦਾ ਹੈ। ਜੋ ਵੀ ਗੰਦ ਫੈਲਾਉਂਦਾ ਹੈ, ਉਸ ’ਤੇ ਕਾਰਵਾਈ ਹੋਵੇਗੀ।

* ਜੇ ਕੋਈ ਸਰਕਾਰੀ ਸੰਸਥਾ ਵਿਚ ਨੁਕਸਾਨ ਜਾਂ ਚੋਰੀ ਕਰਦਾ ਫੜਿਆ ਗਿਆ ਤਾਂ ਪੰਚਾਇਤ ਬਣਦੀ ਕਾਰਵਾਈ ਕਰੇਗੀ।

* ਪਿੰਡ ਦੇ ਸ਼ਮਸ਼ਾਨਘਾਟ, ਗਰਾਊਂਡ, ਵਾਟਰ ਵਰਕਸ ਅਤੇ ਪਾਰਕਾਂ ਵਿਚ ਕੁੱਤੇ ਅਤੇ ਬੱਕਰੀਆਂ ਨਾ ਲਿਜਾਈਆਂ ਜਾਣ। ਜੇਕਰ ਕੋਈ ਲੈ ਕੇ ਜਾਂਦਾ ਹੈ ਤਾਂ ਉਸ ਤੋਂ ਸਫ਼ਾਈ ਕਰਵਾਈ ਜਾਵੇਗੀ।

* ਪਿੰਡ ਵਿਚ ਆਉਣ ਵਾਲੇ ਮਹੰਤਾਂ ਦੀ ਵਧਾਈ 1100 ਰੁਪਏ ਹੋਵੇਗੀ।

* ਗੁਰੂ ਘਰ ਵਿਚ ਸਾਦਾ ਭੋਗ ਸਾਦੀ ਰੋਟੀ ਕੀਤੀ ਜਾਵੇਗੀ। ਜੇ ਕੋਈ ਮਿਠਾਈ ਜਾਂ ਪਕੌੜੇ ਬਣਾਉਣਾ ਚਾਹੁੰਦਾ ਹੈ ਤਾਂ 3 ਹਜ਼ਾਰ ਰੁਪਏ ਪੰਚਾਇਤ ਨੂੰ ਜਮ੍ਹਾ ਕਰਵਾਉਣੇ ਪੈਣਗੇ।

* ਵਾਟਰ ਵਰਕਸ ਪਾਣੀ ਦੇ ਬਿੱਲ ਦਿੱਤੇ ਜਾਣ, ਜੋ ਨਹੀਂ ਦਿੰਦਾ ਉਸ ਦਾ ਕੁਨੈਕਸ਼ਨ ਕੱਟ ਦਿੱਤਾ ਜਾਵੇਗਾ।

* ਨਾਲੀਆਂ ਦੀ ਸਫਾਈ ਲਈ 50 ਰੁਪਏ ਮਹੀਨਾ ਲਿਆ ਜਾਵੇਗਾ ਅਤੇ ਸਫਾਈ ਲਈ 100 ਰੁਪਏ ਮਹੀਨਾ ਲਿਆ ਜਾਵੇਗਾ।

## ਸ਼੍ਰੋਮਣੀ ਕਮੇਟੀ ਨੇ ਖਾਲਸਾ ਸਾਜਣਾ ਦਿਵਸ ਮੌਕੇ ਪਾਕਿਸਤਾਨ ਜਾਣ ਵਾਲੇ ਜਥੇ ਲਈ ਪਾਸਪੋਰਟ ਮੰਗੇ

**ਨਵੀਂ ਦਿੱਲੀ, 30 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਖ਼ਾਲਸਾ ਸਾਜਣਾ ਦਿਵਸ (ਵਿਸਾਖੀ) ਮੌਕੇ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ ਭੇਜੇ ਜਾਣ ਵਾਲੇ ਜਥੇ ਲਈ ਪਰਕਿਰਿਆ ਆਰੰਭ ਕਰਦਿਆਂ 25 ਦਸੰਬਰ 2024 ਤੱਕ ਸ਼ਰਧਾਲੂਆਂ ਪਾਸੋਂ ਪਾਸਪੋਰਟ ਮੰਗੇ ਗਏ ਹਨ। ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਵਿਖੇ ਖ਼ਾਲਸਾ ਸਾਜਣਾ ਦਿਵਸ ਸਬੰਧੀ ਸਮਾਗਮਾਂ ਵਿਚ ਸ਼ਮੂਲੀਅਤ ਲਈ ਹਰ ਸਾਲ ਦੀ ਤਰ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਸ਼ਰਧਾਲੂਆਂ ਦਾ ਜਥਾ



ਜਾਵੇਗਾ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਪ੍ਰੈਲ 2025 ਵਿਚ ਖਾਲਸਾ ਸਾਜਣਾ ਦਿਵਸ ਮੌਕੇ ਸਿੱਖ ਸ਼ਰਧਾਲੂਆਂ ਦਾ ਜਥਾ ਪਾਕਿਸਤਾਨ ਭੇਜਿਆ ਜਾਵੇਗਾ, ਜੋ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਵਿਖੇ ਮੁੱਖ ਸਮਾਗਮ ’ਚ ਸ਼ਮੂਲੀਅਤ ਤੋਂ ਇਲਾਵਾ ਉਥੇ ਸਥਿਤ ਹੋਰਨਾਂ ਗੁਰਧਾਮਾਂ ਦੇ ਵੀ ਦਰਸ਼ਨ ਕਰੇਗਾ। ਉਨ੍ਹਾਂ ਕਿਹਾ ਕਿ ਇਸ ਜਥੇ ਵਿਚ ਜਾਣ ਦੇ ਚਾਹਵਾਨ ਸ਼ਰਧਾਲੂ ਆਪਣੇ ਪਾਸਪੋਰਟ 25 ਦਸੰਬਰ 2024 ਤੱਕ ਸ਼੍ਰੋਮਣੀ ਕਮੇਟੀ ਦਫ਼ਤਰ ’ਚ ਯਾਤਰਾ ਵਿਭਾਗ ਵਿਖੇ ਜਮ੍ਹਾਂ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਸ਼ਰਧਾਲੂਆਂ ਲਈ ਆਪੋ-ਆਪਣੇ ਹਲਕੇ ਦੇ ਸ਼੍ਰੋਮਣੀ ਕਮੇਟੀ ਮੈਂਬਰਾਂ ਪਾਸੋਂ ਸਿਫ਼ਾਰਸ਼ ਕਰਵਾਉਣੀ ਜ਼ਰੂਰੀ ਹੈ ਅਤੇ ਇਸ ਦੇ ਨਾਲ ਹੀ ਆਪਣੀ ਪਛਾਣ ਦੇ ਸਬੂਤ ਵਜੋਂ ਆਧਾਰ ਕਾਰਡ ਜਾਂ ਵੋਟਰ ਕਾਰਡ ਦੀ ਫੋਟੋ ਕਾਪੀ ਵੀ ਦਿੱਤੀ ਜਾਵੇ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਦਿੱਤੇ ਸਮੇਂ ਤੱਕ ਆਪਣੇ ਪਾਸਪੋਰਟ ਜਮ੍ਹਾਂ ਕਰਵਾਉਣ, ਤਾਂ ਜੋ ਵੀਜ਼ਾ ਪਰਕਿਰਿਆ ਲਈ ਕਾਰਵਾਈ ਸਮੇਂ ਸਿਰ ਕੀਤੀ ਜਾ ਸਕੇ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ



ਸ੍ਰੀ ਅਕਾਲ ਤਖ਼ਤ ਸਾਹਿਬ | ਤਖ਼ਤ ਸ੍ਰੀ ਪਟਨਾ ਸਾਹਿਬ | ਤਖ਼ਤ ਸ੍ਰੀ ਕੇਸਗੜ੍ਹ ਸਾਹਿਬ | ਤਖ਼ਤ ਸ੍ਰੀ ਦਮਦਮਾ ਸਾਹਿਬ | ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**


## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਏ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net





ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net


ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


Enjoy Real Taste of PUNJAB
24 SERVICE EVERYDAY HOURS
PURE AND NATURAL 100% VEGETARIAN
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.
Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad
V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757




We Accept Online & Card Payment


## ਸਤਿਕਾਰ ਕਮੇਟੀ ਪਹੁੰਚੀ ਮੱਧ ਪ੍ਰਦੇਸ਼, ਗੁਰੂ ਨਾਨਕ ਸਾਹਿਬ ਦਾ ਸਵਾਂਗ ਰਚਾਉਣ ਵਾਲੇ ਕੱਪੜੇ ਅਤੇ ਕਮੰਡਲ ਕੀਤਾ ਜ਼ਬਤ, ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਖ਼ਤ ਕਾਰਵਾਈ ਦੀ ਮੰਗ



**ਅੰਮ੍ਰਿਤਸਰ, 30 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਦਿਨੀਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਸਵਾਂਗ ਰਚਾਉਣ ਵਾਲੀ ਲੜਕੀ ਅਤੇ ਪ੍ਰਬੰਧਕਾਂ ਦੇ ਉੱਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦੇ ਆਗੂ ਭਾਈ ਦਵਿੰਦਰ ਸਿੰਘ ਮੁਕੇਰੀਆਂ ਨੇ ਮੱਧ ਪ੍ਰਦੇਸ਼ ਦੇ ਸ਼ਹਿਰ ਛਿਡੋਲ ਪਹੁੰਚ ਕੇ ਸਖਤ ਕਾਰਵਾਈ ਕੀਤੀ ਹੈ। ਭਾਈ ਦਵਿੰਦਰ ਸਿੰਘ ਮੁਕੇਰੀਆਂ ਦੀ ਅਗਵਾਈ ਚ ਸੱਤ ਸਿੰਘਾਂ ਦਾ ਜਥਾ ਸ਼ਡੋਲ ਪਹੁੰਚਿਆ ਅਤੇ ਉਹਨਾਂ ਨੇ ਪ੍ਰਬੰਧਕਾਂ ਨੂੰ ਤਾੜਨਾ ਕੀਤੀ, ਗਲਤੀ ਦਾ ਅਹਿਸਾਸ ਕਰਵਾਇਆ, ਮਰਿਆਦਾ ਤੋਂ ਜਾਣੂ ਕਰਵਾਇਆ ਅਤੇ ਗੁਰੂ ਨਾਨਕ ਸਾਹਿਬ ਦਾ ਸਵਾਂਗ ਰਚਾਉਣ ਵਾਲੇ ਕੱਪੜੇ ਅਤੇ ਕਮੰਡਲ ਜਬਤ ਕਰ ਲਏ ਹਨ। ਫਿਰ ਵਾਪਸੀ ਆ ਕੇ ਭਾਈ ਦਵਿੰਦਰ ਸਿੰਘ ਮੁਕੇਰੀਆਂ ਸ੍ਰੀ ਅਕਾਲ ਤਖਤ ਸਾਹਿਬ ਤੇ ਪਹੁੰਚੇ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦੇ ਪ੍ਰਧਾਨ ਭਾਈ ਸੁਖਜੀਤ ਸਿੰਘ ਖੋਸੇ ਅਤੇ ਸਾਥੀਆਂ ਨੇ ਉਹਨਾਂ ਦੇ ਜਥੇ ਦਾ ਸਨਮਾਨ ਵੀ ਕੀਤਾ ਅਤੇ ਇੱਥੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਭਾਈ ਸੁਖਜੀਤ ਸਿੰਘ ਖੋਸੇ ਨੇ ਭਾਈ ਦਵਿੰਦਰ ਸਿੰਘ ਦੀ ਭਰਪੂਰ ਸ਼ਲਾਘਾ ਕੀਤੀ ਜਿਸਨੇ ਜਮੀਨੀ ਪੱਧਰ ਉੱਤੇ ਇੰਨੇ ਕਿਲੋਮੀਟਰ ਦੂਰ ਜਾ ਕੇ ਕਾਰਵਾਈ ਪਾਈ ਹੈ। ਇਸ ਮੌਕੇ ਭਾਈ ਦਵਿੰਦਰ ਸਿੰਘ ਮੁਕੇਰੀਆਂ ਨੇ ਕਿਹਾ ਕਿ ਗੁਰੂ ਨਾਨਕ ਸਾਹਿਬ ਦਾ ਸਵਾਂਗ ਰਚਾਉਣ ਵਾਲੀ 12 ਸਾਲਾਂ ਦੀ ਲੜਕੀ ਸੀ, ਇਸ ਵਿੱਚ ਦੋਸ਼ੀ ਦੋ ਹੋਰ ਬੰਦੇ ਮਰ ਚੁੱਕੇ ਹਨ ਤੇ ਉਹਨਾਂ ਦੀ ਕਿਰਿਆ ਰਸਮ ਦਾ ਕੰਮ ਚੱਲ ਰਿਹਾ ਸੀ ਤੇ ਲੜਕੀ ਵੀ ਸਹਿਮ ਕਾਰਨ ਬਿਮਾਰ ਹੋ ਚੁੱਕੀ ਹੈ। ਉਹਨਾਂ ਦੱਸਿਆ ਕਿ ਇਹ ਗੁਰਦੁਆਰਾ ਨਹੀਂ, ਬਲਕਿ ਸਿੰਧੀਆਂ ਦੀ ਧਰਮਸ਼ਾਲਾ ਸੀ। ਇੱਥੇ ਗੁਰੂ ਨਾਨਕ ਸਾਹਿਬ ਦਾ ਗੁਰਪੁਰਬ ਮਨਾਉਂਦਿਆਂ ਇਕ ਲੜਕੀ ਨੇ ਗੁਰੂ ਨਾਨਕ ਸਾਹਿਬ ਦਾ ਸਵਾਂਗ ਰਚਾਇਆ ਜੋ ਕਿਸੇ ਸਿੱਖ ਨੂੰ ਵੀ ਬਰਦਾਸ਼ਤਯੋਗ ਨਹੀਂ ਸੀ। ਉਹਨਾਂ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਕਿਹਾ ਕਿ ਇਸ ਲੜਕੀ ਅਤੇ ਹੋਰ ਦੋਸ਼ੀਆਂ ਉੱਤੇ ਸਖਤ ਕਾਰਵਾਈ ਕੀਤੀ ਜਾਵੇ। ਇਸ ਮਾਮਲੇ ਨਾਲ ਛੇਤੀ ਤੋਂ ਛੇਤੀ ਨਜਿੱਠਿਆ ਜਾਵੇ, ਉਹਨਾਂ ਇਹ ਵੀ ਕਿਹਾ ਕਿ ਜਦੋਂ ਅਸੀਂ ਪਹਿਲਾਂ ਵੀ ਇੰਦੌਰ ਵਿੱਚ ਮਨਮਤ ਕਰ ਰਹੇ ਸਿੰਧੀਆਂ ਉੱਤੇ ਕਾਰਵਾਈ ਪਾਈ ਸੀ ਜੇਕਰ ਉਦੋਂ ਹੀ ਜਥੇਦਾਰ ਸਾਡਾ ਸਾਥ ਦਿੰਦੇ ਤਾਂ ਆਹ ਹਰਕਤ ਨਹੀਂ ਸੀ ਹੋਣੀ। ਉਹਨਾਂ ਕਿਹਾ ਕਿ ਅਸੀਂ ਆਪਣੇ ਪੰਥਕ ਜਿੰਮੇਵਾਰੀ ਸਮਝ ਕੇ ਇੰਨੀ ਦੂਰ ਪਹੁੰਚੇ ਹਾਂ, ਹਾਲਾਂਕਿ ਕੋਈ ਵੀ ਜਥੇਦਾਰ ਜਾਂ ਸ਼੍ਰੋਮਣੀ ਕਮੇਟੀ ਦਾ ਅਧਿਕਾਰੀ ਸ੍ਰੀ ਅਕਾਲ ਤਖਤ ਸਾਹਿਬ ਤੋਂ ਉੱਥੇ ਨਹੀਂ ਗਿਆ, ਕੇਵਲ ਮੱਧ ਪ੍ਰਦੇਸ਼ ਦਾ ਇੱਕ ਪ੍ਰਚਾਰਕ ਹੀ ਗਿਆ ਸੀ। ਉਹਨਾਂ ਕਿਹਾ ਕਿ ਹੈਰਾਨੀ ਵਾਲੀ ਗੱਲ ਹੈ ਜਦੋਂ ਸਿਰਸੇ ਵਾਲੇ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਸਵਾਂਗ ਰਚਾਇਆ ਸੀ ਤਾਂ ਪੂਰੀ ਕੌਮ ਵਿੱਚ ਰੋਹ ਸੀ ਪਰ ਇਸ ਲੜਕੀ ਨੇ ਸਿੱਖੀ ਸਿਧਾਂਤਾਂ ਦੀਆਂ ਧੱਜੀਆਂ ਉਡਾ ਦਿੱਤੀਆਂ ਹਨ ਪਰ ਜਥੇਦਾਰ ਚੁੱਪ ਹੈ। ਉਹਨਾਂ ਕਿਹਾ ਕਿ ਜਦੋਂ ਵੀ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਸਾਨੂੰ ਹੁਕਮ ਆਏਗਾ ਅਸੀਂ ਜਬਤ ਕੀਤੇ ਇਹ ਕੱਪੜੇ ਅਤੇ ਕਮੰਡਲ ਜਮਾ ਕਰਵਾ ਦੇਵਾਂਗੇ। ਇਸ ਮੌਕੇ ਭਾਈ ਗੁਰਬਖਸ਼ ਸਿੰਘ ਪ੍ਰਧਾਨ ਸ੍ਰੀ ਅੰਮ੍ਰਿਤਸਰ ਸਾਹਿਬ ਸਿੱਖ ਸਦਭਾਵਨਾ ਦਲ(ਰਜਿ.) ,ਭਾਈ ਸਤਵੰਤ ਸਿੰਘ ਵੇਰਕਾ, ਭਾਈ ਮਨਪ੍ਰੀਤ ਸਿੰਘ ਜੀ , ਭਾਈ ਸਰਮੁੱਖ ਸਿੰਘ ਜੀ , ਭਾਈ ਮਨਦੀਪ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV




ੴ

ਧੰਨ ਧੰਨ ਸ਼੍ਰੀ ਗੁਰੂ ਤੇਗ ਬਹਦਰ ਸਾਹਿਬ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ

# ਨਗਰ ਕੀਰਤਨ, ਅੰਮ੍ਰਿਤ ਸੰਚਾਰ ਅਤੇ ਗੁਰਮਤਿ ਸਮਾਗਮ

## ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ, ਧਮਤਾਨ ਸਾਹਿਬ ਵਿਖੇ

ਮਿਤੀ 4 ਦਸੰਬਰ 2024 ਤੋਂ 6 ਦਸੰਬਰ 2024 ਤੱਕ ਹੇਠ ਲਿਖੇ ਪ੍ਰੋਗਰਾਮ ਅਨੁਸਾਰ ਨਗਰ ਕੀਰਤਨ, ਅੰਮ੍ਰਿਤ ਸੰਚਾਰ ਅਤੇ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਜਿਸ ਵਿੱਚ ਸਿੱਖ ਕੌਮ ਦੇ ਮਹਾਨ ਵਿਦਵਾਨ ਉਚੇਚੇ ਤੌਰ ਤੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ । ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ ।

4 ਦਸੰਬਰ 2024 ਦਿਨ ਬੁੱਧਵਾਰ ਅਰੰਭ ਸ਼੍ਰੀ ਅਖੰਡ ਪਾਠ ਸਾਹਿਬ ਸਵੇਰੇ 10-00 ਵਜੇ

5 ਦਸੰਬਰ 2024 ਦਿਨ ਵੀਰਵਾਰ ਨਗਰ ਕੀਰਤਨ ਅਰੰਭ ਸਵੇਰੇ 8-00 ਵਜੇ

6 ਦਸੰਬਰ 2024 ਦਿਨ ਸ਼ੁੱਕਰਵਾਰ ਭੋਗ ਸ਼੍ਰੀ ਅਖੰਡ ਪਾਠ ਸਾਹਿਬ ਸਵੇਰੇ 9-00 ਵਜੇ

**ਵਿਸ਼ੇਸ਼ ਬੇਨਤੀ** ਜਿਹਨਾਂ ਸੰਗਤਾਂ ਨੂੰ ਸਤਿਗੁਰ ਜੀ ਨੇ ਟਰੈਕਟਰ, ਟਰਾਲੀਆਂ, ਗੱਡੀਆਂ ਆਦਿ ਦੀ ਦਾਤ ਬਖ਼ਸ਼ੀ ਹੈ, ਉਹ ਨਗਰ ਕੀਰਤਨ ਵਿੱਚ ਆਪੋ ਆਪਣੇ ਸਾਧਨ ਲੈ ਕੇ ਸਮੂਲੀਅਤ ਕਰਨ ਜੀ ।

ਨੋਟ : ਮੋਟਰਸਾਈਕਲ ਲੈ ਕੇ ਆਉਣ ਵਾਲੇ ਨੌਜਵਾਨ ਕਿਸੇ ਤਰ੍ਹਾਂ ਦੀ ਕਰਤਬ ਬਾਜੀ ਨਾ ਕਰਨ ।

ਪ੍ਰੋਗਰਾਮ ਨਗਰ ਕੀਰਤਨ : ਮਿਤੀ 5 ਦਸੰਬਰ 2024, ਵੀਰਵਾਰ ਨੂੰ ਸਵੇਰੇ 8-00 ਵਜੇ ਗੁਰਦੁਆਰਾ ਧਮਤਾਨ ਸਾਹਿਬ ਤੋਂ ਅਰੰਭ ਹੋ ਕੇ ਲੋਨ, ਖਰਲ, ਪਿਪਲਥਾ, ਗੜ੍ਹੀ, ਦਾਤਾ ਸਿੰਘ ਵਾਲਾ, ਹੰਸਡੇਹਰ, ਢੰਢੋਲੀ, ਸ਼ੇਰਗੜ੍ਹ, ਖਨੌਰੀ, ਪਦਾਰਥ ਖੇੜਾ, ਰੇਵਰ, ਪਿਪਲਥਾ, ਢਾਬੀ ਟੇਕ ਸਿੰਘ ਅਤੇ ਰਸੀਦਾਂ ਹੁੰਦਾ ਹੋਇਆ ਗੁਰਦੁਆਰਾ ਧਮਤਾਨ ਸਾਹਿਬ ਵਿਖੇ ਪਹੁੰਚੇਗਾ । ਸਮਾਪਤੀ, ਗੁਰਦੁਆਰਾ ਧਮਤਾਨ ਸਾਹਿਬ ਵਿਖੇ ਸ਼ਾਮ 5-00 ਵਜੇ ਹੋਵੇਗੀ ।







ਪ੍ਰੋਗਰਾਮ : 6 ਦਸੰਬਰ 2024 ਦਿਨ ਸ਼ੁੱਕਰਵਾਰ
ਸਵੇਰੇ 9-00 ਤੋਂ 10-00 ਵਜੇ ਤੱਕ
ਭਾਈ ਅਮਨਦੀਪ ਸਿੰਘ ਹਜ਼ੂਰੀ ਰਾਗੀ ਜੱਥਾ
ਗੁ: ਧਮਤਾਨ ਸਾਹਿਬ
10-00 ਤੋਂ 10-30 ਵਜੇ ਤੱਕ
ਭਾਈ ਜੋਗਿੰਦਰ ਸਿੰਘ ਹੈਡ ਗ੍ਰੰਥੀ
ਗੁ: ਧਮਤਾਨ ਸਾਹਿਬ
10-30 ਤੋਂ 11-00 ਵਜੇ ਤੱਕ
ਭਾਈ ਚਰਨਜੀਤ ਸਿੰਘ ਕਥਾਵਾਚਕ
ਗੁ: ਧਮਤਾਨ ਸਾਹਿਬ
11-00 ਤੋਂ 12-30 ਵਜੇ ਤੱਕ
ਭਾਈ ਗੁਰਮੀਤ ਸਿੰਘ ਕਵੀਸ਼ਰ
ਧਰਮ ਪ੍ਰਚਾਰ ਕਮੇਟੀ।

ਅੰਮ੍ਰਿਤ ਸੰਚਾਰ :
6 ਦਸੰਬਰ 2024,
ਦਿਨ ਸ਼ੁਕਰਵਾਰ ਸਮਾਂ 12 ਵਜੇ

**ਅੰਮ੍ਰਿਤ ਸੰਚਾਰ ਸੰਬੰਧੀ**

1. ਅੰਮ੍ਰਿਤ ਸੰਚਾਰ ਗੁਰਦੁਆਰਾ ਧਮਤਾਨ ਸਾਹਿਬ ਵਿਖੇ 12-00 ਵਜੇ ਹੋਵੇਗਾ ।
2. ਅੰਮ੍ਰਿਤ ਅਭਿਲਾਖੀ ਕੇਸੀ ਇਸ਼ਨਾਨ ਕਰ ਕੇ ਆਉਣ ਜੀ ।
3. ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਕਕਾਰ ਭੇਟਾ ਰਹਿਤ ਦਿੱਤੇ ਜਾਣਗੇ ।

ਸਮੂਹ ਮੈਂਬਰ ਸਾਹਿਬਾਨ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਅਤੇ ਮੈਨੇਜਰ ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ, ਪਾਤਸ਼ਾਹੀ ਨੌਵੀਂ, ਧਮਤਾਨ ਸਾਹਿਬ (ਜੀਂਦ) ਹਰਿਆਣਾ

ਸੰਪਰਕ : ਭਾਈ ਹਰਵਿੰਦਰ ਸਿੰਘ ਦਨੌਲੀ (ਮੈਨੇਜਰ) 9991037375 ਭਾਈ ਜੋਗਿੰਦਰ ਸਿੰਘ ਹੈਡ ਗ੍ਰੰਥੀ 9896166509 ਭਾਈ ਚਰਨਜੀਤ ਸਿੰਘ ਕਥਾਵਾਚਕ 9802947712 ਭਾਈ ਕਰਮਜੀਤ ਸਿੰਘ 7015967169 ਸ: ਸਤਿੰਦਰ ਸਿੰਘ ਮੰਟਾ ਰਸੀਦਾਂ ਮੈਂਬਰ ਸਾਹਿਬਾਨ 9354100003



*ਸਾਬਤ ਸੂਰਤਿ ਦਸਤਾਰ ਸਿਰਾ*

## ਦਸਤਾਰਾਂ ਹੀ ਦਸਤਾਰਾਂ



# ਰੰਧਾਵਾ ਪਗੜੀ ਸੈਂਟਰ



ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।

✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।

ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।

ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :

**+91 98882-22446**



# ASA Gas Heating Solution Ltd.

| | |
|---|---|
| Boilers | Gas Safety Inspections |
| Certificates | Plumbing Work |
| Gas Work | |
| Cylinders | |
| Maintenance Services | |

Vaillant APPROVED INSTALLER | WORCESTER Bosch Group

ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

**Mr. Simran Singh : 0749 534 2620**
asagasheatingsolutions@gmail.com

Call us now for a Free no-olbigation quote







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715128621




# ਸਫਰ - ਏ - ਦਸ਼ਮੇਸ਼ ਸਮਾਗਮਾਂ ਦਾ ਮੁੱਖ ਮਕਸਦ ਨੌਜਵਾਨ ਪੀੜੀ ਨੂੰ ਗੁਰੂ ਇਤਿਹਾਸ ਨਾਲ ਜੋੜਨਾ : ਜਥੇਦਾਰ ਦਾਦੂਵਾਲ

## ਨੌਜਵਾਨ ਪੀੜੀ ਨੂੰ ਚਾਅ ਹੁੰਦਾ ਨਗਰ ਕੀਰਤਨ ਦੇ ਵਿੱਚ ਸੇਵਾ ਭਾਵ ਨਿਭਾਉਣ ਦਾ

**ਹਰਿਆਣਾ** ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਵੱਲੋਂ ਉਲੀਕੇ ਜਾ ਰਹੇ ਸਫਰ ਏ ਦਸਮੇਸ਼ ਧਾਰਮਿਕ ਸਮਾਗਮਾਂ ਦੀ ਸੰਗਤਾਂ ਵੱਲੋਂ ਚਾਰੇ ਪਾਸੇ ਸਲਾਘਾ ਕੀਤੀ ਜਾ ਰਹੀ ਹੈ ਕਿਉਂਕਿ ਇਤਿਹਾਸ ਵਿੱਚ ਪਹਿਲੀ ਵਾਰ ਹਰਿਆਣਾ ਕਮੇਟੀ ਵੱਲੋਂ ਇਸ ਤਰਾਂ ਦੇ ਪ੍ਰੋਗਰਾਮ ਉਲੀਕੇ ਜਾਂ ਰਹੇ ਹਨ ।ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਹੋਣ ਦੇ ਨਾਤੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਇਨਾਂ ਪ੍ਰੋਗਰਾਮਾਂ ਦੀ ਅਗਵਾਈ ਕਰ ਰਹੇ ਹਨ ।ਗੁਰਦੁਆਰਾ ਨਾਢਾ ਸਾਹਿਬ ਦੇ ਮੁੱਖ ਗ੍ਰੰਥੀ ਗਿ: ਜਗਜੀਤ ਸਿੰਘ ਜੀ ਨੇ ਸੰਗਤ ਨੂੰ ਪ੍ਰੇਰਣ ਦਾ ਵਧੀਆ ਉਪਰਾਲਾ ਕੀਤਾ ਹੈ ।ਇਸ ਗੱਲ ਤੇ ਵੀ ਬੜਾ ਧਿਆਨ ਦੇਣਾ ਬਣਦਾ ਹੈ ਕਿ ਪ੍ਰੋਗਰਾਮ ਠੀਕ ਉਸੇ ਤਰ੍ਹਾਂ ਉਲੀਕੇ ਗਏ ਜਿਵੇਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਕਿਸੇ ਵੇਲੇ ਪਾਉਂਟਾ ਸਾਹਿਬ ਤੋਂ ਭੰਗਾਣੀ ਦਾ ਜੰਗ ਜਿੱਤ ਕੇ ਅਨੰਦਪੁਰ ਸਾਹਿਬ ਨੂੰ ਵਾਪਸ ਗਏ ਨੌਜਵਾਨ ਪੀੜੀ ਨੂੰ ਨਗਰ ਕੀਰਤਨ ਦੇ ਵਿੱਚ ਸੇਵਾ ਨਿਭਾਉਣ ਦਾ ਬਹੁਤ ਵੱਡਾ ਚਾਅ ਹੁੰਦਾ ਹੈ ।ਨੌਜਵਾਨ ਪੀੜੀ ਨੂੰ ਗੁਰੂ ਇਤਿਹਾਸ ਨਾਲ ਜੋੜਨ ਦਾ ਇਹ ਵਧੀਆ ਉਪਰਾਲਾ ਹੈ ।ਇੱਥੇ ਇਸ ਗੱਲ ਦਾ ਵੀ ਜ਼ਿਕਰ ਕਰਨਾ ਬਣਦਾ ਹੈ ਕਿ ਪਾਉਂਟਾ ਸਾਹਿਬ ਤੋਂ ਲੈ ਕੇ ਨਾਢਾ ਸਾਹਿਬ ਤੱਕ ਦੇ ਵਿਚਕਾਰਲੇ ਇਤਿਹਾਸਿਕ ਸਥਾਨਾਂ ਬਾਰੇ ਟਰਾਈ ਸਿਟੀ ਚੰਡੀਗੜ ਦੀਆਂ ਜਿਆਦਾਤਰ ਸੰਗਤਾਂ ਨੂੰ ਵੀ ਕੋਈ ਬਹੁਤੀ ਜਾਣਕਾਰੀ ਨਹੀਂ ਹੈ ।ਖਾਸ ਕਰ ਬਹੁ ਗਿਣਤੀ ਸੰਗਤਾਂ ਨੂੰ ਗੁਰਦੁਆਰਾ ਟੋਕਾ ਸਾਹਿਬ, ਗੁਰਦੁਆਰਾ ਮਾਣਕ ਟਬਰਾ ਸਾਹਿਬ ਬਾਰੇ ਕੋਈ ਬਹੁਤੀ ਜਾਣਕਾਰੀ ਨਹੀਂ ਹੈ ।ਸਫਰ ਏ ਦਸਮੇਸ਼ ਸਮਾਗਮ ਤੇ ਨਗਰ ਕੀਰਤਨ ਉਲੀਕਣ ਦਾ ਮੁੱਖ ਮਕਸਦ ਹੀ ਨੌਜਵਾਨ ਪੀੜੀ ਨੂੰ ਇਤਿਹਾਸ ਨਾਲ ਜੋੜਨਾ ਅਤੇ ਉਨਾਂ ਸੰਗਤਾਂ ਤੱਕ ਇਤਿਹਾਸ ਪਹੁੰਚਾਉਣਾ ਹੈ ਜਿਨਾਂ ਨੂੰ ਪਹਿਲਾਂ ਇਨਾਂ ਇਤਿਹਾਸਿਕ ਸਥਾਨਾ ਬਾਰੇ ਕੋਈ ਜਾਣਕਾਰੀ ਨਹੀਂ ਸੀ ਜਿਕਰਯੋਗ ਹੈ ਕੇ 30 ਨਵੰਬਰ ਤੋਂ ਲੈ ਕੇ 8 ਦਸੰਬਰ ਤੱਕ ਸਫਰ ਏ ਦਸ਼ਮੇਸ਼ ਪ੍ਰੋਗਰਾਮ ਸਮਾਗਮ ਗੁਰਦੁਆਰਾ ਪਾਉਂਟਾ ਸਾਹਿਬ ਤੋਂ ਲੈ ਕੇ ਗੁਰਦੁਆਰਾ ਨਾਢਾ ਸਾਹਿਬ ਤੱਕ ਦੇ ਵਿਚਕਾਰਲੇ ਸਥਾਨਾਂ ਤੇ ਉਲੀਕੇ ਗਏ ਹਨ ।ਜਿਨਾਂ ਵਿੱਚੋਂ ਸਭ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ 30 ਨਵੰਬਰ 2024 ਨੂੰ ਸ਼ਾਮ 6 ਵਜੇ ਤੋਂ ਲੈ ਕੇ ਰਾਤ 10 ਵਜੇ ਤੱਕ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ।ਇਸੇ ਤਰੀਕੇ ਨਾਲ 1 ਦਸੰਬਰ 2024 ਨੂੰ ਗੁਰਦੁਆਰਾ ਕਪਾਲ ਮੋਚਨ ਸਾਹਿਬ ਯਮੁਨਾਨਗਰ,2 ਦਸੰਬਰ 2024 ਨੂੰ ਗੁਰਦੁਆਰਾ ਟੋਕਾ ਸਾਹਿਬ ਨਰਾਇਣਗੜ,3 ਦਸੰਬਰ ਨੂੰ ਗੁਰਦੁਆਰਾ ਮਾਣਕ ਟਬਰਾ ਸਾਹਿਬ ਪੰਚਕੂਲਾ ਵਿਖੇ ਅਤੇ ਸਮਾਪਤੀ ਗੁਰਦੁਆਰਾ ਨਾਢਾ ਸਾਹਿਬ ਵਿਖੇ 8 ਦਸੰਬਰ ਨੂੰ ਹੋਵੇਗੀ ।ਸਾਰੇ ਇਤਿਹਾਸਿਕ ਸਥਾਨਾਂ ਵਿਖੇ ਸ਼ਾਮ ਦੇ ਦੀਵਾਨਾਂ ਦਾ ਸਮਾਂ ਸ਼ਾਮ 6 ਤੋਂ 10 ਦਾ ਰੱਖਿਆ ਗਿਆ ਹੈ ।ਸਾਰੇ ਸਮਾਗਮਾਂ ਵਿੱਚ ਪੰਥ ਪ੍ਰਸਿੱਧ ਰਾਗੀ ਢਾਡੀ ਕਥਾਵਾਚਕ ਸੰਗਤਾਂ ਨੂੰ ਗੁਰਮਤਿ ਵਿਚਾਰਾਂ ਨਾਲ ਜੋੜ ਕੇ ਨਿਹਾਲ ਕਰਨਗੇ ।ਹਰਿਆਣਾ ਕਮੇਟੀ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ ਅਤੇ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਵੀ ਇਨਾਂ ਸਮਾਗਮਾਂ ਵਿੱਚ ਵੱਖ ਵੱਖ ਥਾਵਾਂ ਤੇ ਹਾਜ਼ਰੀ ਭਰਨਗੇ। ••

ਆਵਾਜ਼ਿ ਕੌਮ AWAZE QAUM International Newspaper & WEB TV



ਅਮ੍ਰਿਤ ਛਕੋ
ਪਰਉਪਕਾਰੀ ਭਾਈ ਲੱਧਾ ਜੀ ਦੀ ਯਾਦ ਵਿੱਚ ਅਤੇ ਬ੍ਰਹਮ ਗਿਆਨੀ ਬਾਪੂ ਖੁਸ਼ਾ ਸਿੰਘ ਜੀ ਦੀ ਸਲਾਨਾ ਬਰਸੀ ਨੂੰ ਸਮਰਪਿਤ
ਅਮ੍ਰਿਤ ਛਕੋ
ਸਲਾਨਾ ਗੁਰਮਤਿ ਸਮਾਗਮ
6 ਦਸੰਬਰ (21 ਮੱਘਰ) 2024 ਦਿਨ ਸ਼ੁਕਰਵਾਰ
ਸਮਾਂ : ਸਵੇਰੇ 10 ਵਜੇ
ਗੁਰਵਿੰਦਰ ਸਿੰਘ ਲਹੌਰੀਏ ਦਾ ਕਵੀਸ਼ਰੀ ਜੱਥਾ
ਕਬੱਡੀ ਐਕਸ਼ਨ ਸਟਾਰ
ਛੋਟੇ ਸੁਪਰ ਸਟਾਰਾਂ ਦੀ ਕਬੱਡੀ ਸ਼ਾਮ:3:00 ਵਜੇ
ਮੋ: 94634-27380, 98777-07918,
ਆਵਾਜ਼ਿ ਕੌਮ AWAZE QAUM TV
ਲਾਈਵ ਪ੍ਰੋਗਰਾਮ ਸਾਰਾ ਦਿਨ ਚੱਲੇਗਾ
ਅਜੀਤ ਪੌਦ ਨਰਸਰੀ
ਜਾਰੀ ਕਰਤਾ: ਭਾਈ ਸਰਬਜੀਤ ਸਿੰਘ ਵੱਲੀਆਂ, ਜ਼ਿਲ੍ਹਾ ਪ੍ਰੈਸ ਸਕੱਤਰ, ਮੋ: 75278-45340




ਤੇਰੇ ਜਨ ਪਰਉਪਕਾਰੀ ਆਏ
ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼
ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ
100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ
51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ
ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ
ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।
ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473
ਵਿਸ਼ੇਸ਼ ਸਹਿਯੋਗ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਮਹੰਤ ਕਾਹਨ ਸਿੰਘ ਸੇਵਾਪੰਥੀ
ਸੰਤ ਰਣਜੀਤ ਸਿੰਘ ਸੇਵਾਪੰਥੀ
ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਸੰਨਚੀਨੋ ਨਗਰ ਦੀਆਂ ਸਿੱਖ ਸੰਗਤਾਂ ਵੱਲੋਂ ਸੇਵਾ ਲਈ ਗਈ ਹੈ।

# ਮਹਾਨ ਸ਼ਹੀਦੀ ਦਿਹਾੜਾ

**ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜ਼ਰ ਕੌਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ**

**ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ 27 ਦਸੰਬਰ ਸ਼ੁੱਕਰਵਾਰ 10 : 30 ਵਜੇ ਹੋਵੇਗਾ, ਐਤਵਾਰ 10:30 ਭੋਗ ਪੈਣਗੇ**

• ਸ਼ਨਿੱਚਰਵਾਰ 28 ਦਸੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ • ਐਤਵਾਰ 29 ਦਸੰਬਰ 2024 ਨੂੰ 6:30 ਵਜੇ ਸਵੇਰੇ ਚੌਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਕੀਰਤਨੀ ਅਤੇ ਢਾਡੀ ਜਥਾ ਵੀ ਵਾਰਾਂ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




## ਭਗਵੰਤ ਮਾਨ ਸਰਕਾਰ ਨੇ ਜਨਤਕ ਸੇਵਾਵਾਂ ਪ੍ਰਦਾਨ ਕਰਨ 'ਚ ਨਵਾਂ ਮਾਪਦੰਡ ਕੀਤਾ ਸਥਾਪਤ

# 18 ਮਹੀਨਿਆਂ ਅੰਦਰ ਬਣਿਆ ਬਹੁ-ਮੰਜ਼ਿਲਾ ਸਬ ਡਿਵੀਜ਼ਨਲ ਕੰਪਲੈਕਸ ਲੋਕਾਂ ਨੂੰ ਕੀਤਾ ਸਮਰਪਿਤ

**ਦਿੜ੍ਹਬਾ / ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜਨਤਕ ਸੇਵਾਵਾਂ ਪ੍ਰਦਾਨ ਕਰਨ ਦੇ ਖੇਤਰ 'ਚ ਨਵਾਂ ਮਾਪਦੰਡ ਸਥਾਪਤ ਕਰਦਿਆਂ ਅੱਜ 10.45 ਕਰੋੜ ਰੁਪਏ ਦੀ ਲਾਗਤ ਨਾਲ 18 ਮਹੀਨਿਆਂ ਦੇ ਰਿਕਾਰਡ ਸਮੇਂ ਵਿੱਚ ਬਣਿਆ ਅਤਿ ਆਧੁਨਿਕ ਬਹੁ-ਮੰਜ਼ਿਲਾ ਸਬ ਡਿਵੀਜ਼ਨਲ ਕੰਪਲੈਕਸ ਲੋਕਾਂ ਨੂੰ ਸਮਰਪਿਤ ਕਰ ਦਿੱਤਾ ਹੈ। ਚਾਰ ਮੰਜ਼ਿਲਾ ਇਮਾਰਤ ਜਿਸ

ਆਵਾਜ਼ਿ ਕੌਮ
AWAZE QAUM
International Newspaper & WEB TV

ਵਿੱਚ ਐਸ.ਡੀ.ਐਮ., ਤਹਿਸੀਲਦਾਰ, ਬੀ.ਡੀ.ਪੀ.ਓ., ਡੀ.ਐਸ.ਪੀ., ਸੀ.ਡੀ.ਪੀ.ਓ. ਅਤੇ ਹੋਰ ਦਫ਼ਤਰ ਹੋਣਗੇ, ਨੂੰ ਸਮਰਪਿਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਮਈ 2023 ਵਿੱਚ ਇਸ ਪ੍ਰਾਜੈਕਟ ਦਾ ਨੀਂਹ ਪੱਥਰ ਰੱਖਿਆ ਸੀ ਅਤੇ ਇਹ ਰਿਕਾਰਡ ਸਮੇਂ ਵਿੱਚ ਮੁਕੰਮਲ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਨੌਂ ਏਕੜ ਰਕਬੇ ਵਿੱਚ ਫੈਲਿਆ ਇਹ ਪ੍ਰੋਜੈਕਟ ਲੋਕਾਂ ਨੂੰ ਸਮਾਂਬੱਧ ਢੰਗ ਨਾਲ ਨਾਗਰਿਕ ਕੇਂਦਰਿਤ ਸੇਵਾਵਾਂ ਪ੍ਰਦਾਨ ਕਰੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕਾਂ ਦੀ ਸਹੂਲਤ ਲਈ ਸੂਬੇ ਭਰ ਵਿੱਚ ਅਜਿਹੇ ਆਧੁਨਿਕ ਤਹਿਸੀਲ ਕੰਪਲੈਕਸ ਬਣਾਏ ਜਾ ਰਹੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਲੋਕਾਂ ਦੀ ਸੇਵਾ ਲਈ ਅਜਿਹੇ ਉਪਰਾਲਿਆਂ ਵੱਲ ਕਦੇ ਵੀ ਧਿਆਨ ਨਹੀਂ ਦਿੱਤਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਤੋਂ ਪਹਿਲਾਂ ਸੂਬੇ ਦੀ ਵਾਗਡੋਰ ਗਲਤ ਹੱਥਾਂ ਵਿਚ ਸੀ, ਜਿਸ ਕਾਰਨ ਸੂਬੇ ਦਾ ਵੱਡਾ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਕਿ ਆਪ ਸਰਕਾਰ ਨੇ ਅਹੁਦਾ ਸੰਭਾਲਣ ਤੋਂ ਲੈ ਕੇ ਹੀ ਲੋਕ ਸੇਵਾ ਵਾਲੇ ਅਜਿਹੇ ਕੰਮਾਂ ਨੂੰ ਪ੍ਰਮੁੱਖ ਤਰਜੀਹ ਦਿੱਤੀ ਹੈ। ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਲੋਕਾਂ ਦੀਆਂ ਭਵਿੱਖੀ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਅਜਿਹੀਆਂ ਇਮਾਰਤਾਂ ਬਣਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਅੰਦਾਜ਼ਨ ਲਾਗਤ ਦੇ ਮੁਕਾਬਲੇ ਇਸ ਇਮਾਰਤ ਦੀ ਉਸਾਰੀ ਕਰਕੇ ਡੇਢ ਕਰੋੜ ਰੁਪਏ ਦੀ ਬਚਤ ਕੀਤੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸੇ ਤਰ੍ਹਾਂ ਚੀਮਾਂ ਵਿਖੇ ਵੀ ਸਬ ਡਵੀਜ਼ਨ ਕੰਪਲੈਕਸ ਉਸਾਰੀ ਅਧੀਨ ਹੈ ਅਤੇ ਜਲਦੀ ਹੀ ਲੋਕਾਂ ਨੂੰ ਸਮਰਪਿਤ ਕਰ ਦਿੱਤਾ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਲਈ ਇਹ ਬਹੁਤ ਮਾਣ ਅਤੇ ਸੰਤੁਸ਼ਟੀ




ਵਾਲੀ ਗੱਲ ਹੈ ਕਿ ਹੁਣ ਤੱਕ 49427 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਮੁਹੱਈਆ ਕਰਵਾਈਆਂ ਜਾ ਚੁੱਕੀਆਂ ਹਨ ਅਤੇ 3 ਦਸੰਬਰ ਨੂੰ ਪਟਿਆਲਾ ਵਿਖੇ 700 ਹੋਰ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਸੌਂਪੇ ਜਾਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਨੌਜਵਾਨਾਂ ਨੂੰ ਨਿਰੋਲ ਮੈਰਿਟ ਦੇ ਆਧਾਰ 'ਤੇ ਇਹ ਨੌਕਰੀਆਂ ਮਿਲੀਆਂ ਹਨ। ਉਨ੍ਹਾਂ ਕਿਹਾ ਕਿ ਸਮੁੱਚੀ ਭਰਤੀ ਪ੍ਰਕਿਰਿਆ ਨੂੰ ਪੂਰੀ ਤਰ੍ਹਾਂ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਿਆ ਗਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦੀਆਂ ਲੋਕ ਪੱਖੀ ਪਹਿਲਕਦਮੀਆਂ ਸਦਕਾ ਪੰਜਾਬ ਵੱਲ ਨੌਜਵਾਨਾਂ ਦਾ ਉਲਟਾ ਪਰਵਾਸ ਦੇਖਣ ਨੂੰ ਮਿਲ ਰਿਹਾ ਹੈ ਅਤੇ ਨੌਜਵਾਨ ਸੂਬੇ ਵਿੱਚ ਸਰਕਾਰੀ ਨੌਕਰੀਆਂ ਲੈਣ ਲਈ ਵਿਦੇਸ਼ਾਂ ਤੋਂ ਵਾਪਸ ਮੁੜ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਾਰਦਰਸ਼ੀ ਭਰਤੀ ਪ੍ਰਕਿਰਿਆ ਸਦਕਾ ਨੌਜਵਾਨਾਂ ਦਾ ਸੂਬਾ ਸਰਕਾਰ ਲਈ ਕੰਮ ਕਰਨ ਸਬੰਧੀ ਵਿਸ਼ਵਾਸ ਵਧਿਆ ਹੈ, ਜਿਸ ਕਾਰਨ ਉਹ ਵਿਦੇਸ਼ ਜਾਣ ਦਾ ਵਿਚਾਰ ਤਿਆਗ ਕੇ ਇੱਥੇ ਹੀ ਸਰਕਾਰੀ ਨੌਕਰੀਆਂ ਲਈ ਤਿਆਰੀ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਰਿਕਾਰਡ 'ਤੇ ਹੈ ਕਿ ਵਿਦੇਸ਼ ਜਾਣ ਦੇ ਪੁਰਾਣੇ ਰੁਝਾਨ ਦੇ ਉਲਟ ਸੂਬੇ ਦੀਆਂ ਵਿਦਿਅਕ ਸੰਸਥਾਵਾਂ ਵਿੱਚ ਨੌਜਵਾਨਾਂ ਦੇ ਦਾਖ਼ਿਲਆਂ ਵਿੱਚ ਭਾਰੀ ਵਾਧਾ ਦੇਖਣ ਨੂੰ ਮਿਲ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਲੋਕਾਂ ਦੀ ਸਹੂਲਤ ਲਈ ਪੂਰੇ ਜੋਸ਼ ਨਾਲ ਕੰਮ ਕਰ ਰਹੀ ਹੈ ਅਤੇ ਅਜਿਹੀ ਹੀ ਇੱਕ ਪਹਿਲਕਦਮੀ ਤਹਿਤ ਪੇਂਡੂ ਸੜਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਲਿੰਕ ਸੜਕਾਂ ਦਾ ਵੱਡਾ ਮਹੱਤਵ ਹੈ ਅਤੇ ਇਹ ਲੋਕਾਂ ਨੂੰ ਵਸਤਾਂ ਅਤੇ ਸੇਵਾਵਾਂ ਦੀ ਨਿਰਵਿਘਨ ਆਵਾਜਾਈ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਸੂਬੇ ਦੇ ਆਰਥਿਕ ਵਿਕਾਸ ਨੂੰ ਹੁਲਾਰਾ ਦਿੰਦੀਆਂ ਹਨ ਅਤੇ ਪੇਂਡੂ ਖੇਤਰਾਂ ਵਿੱਚ ਰਹਿਣ ਵਾਲੇ ਲੋਕਾਂ ਨੂੰ ਵੱਡੀ ਸਹੂਲਤ ਪ੍ਰਦਾਨ ਕਰਦੀਆਂ ਹਨ। ਭਗਵੰਤ ਸਿੰਘ ਮਾਨ ਨੇ ਇਨ੍ਹਾਂ ਸੜਕਾਂ ਦੇ ਨਿਰਮਾਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਇਨ੍ਹਾਂ 'ਚੋਂ ਬਹੁਤੀਆਂ ਸੜਕਾਂ ਆਪਣੀ 6 ਸਾਲ ਦੀ ਮਿਆਦ ਪੂਰੀ ਕਰਨ ਦੇ ਬਾਵਜੂਦ ਨਵੀਨੀਕਰਨ ਤੋਂ ਵਾਂਝੀਆਂ ਪਈਆ ਹਨ। ਮੁੱਖ ਮੰਤਰੀ ਨੇ ਕਿਹਾ ਕਿ ਜਦੋਂ ਉਨ੍ਹਾਂ ਨੇ ਅਹੁਦਾ ਸੰਭਾਲਿਆ ਸੀ ਤਾਂ ਸੂਬੇ ਵਿੱਚ ਸਿਰਫ਼ 21 ਫੀਸਦ ਨਹਿਰੀ ਪਾਣੀ ਹੀ ਵਰਤਿਆ ਜਾ ਰਿਹਾ ਸੀ। ਹਾਲਾਂਕਿ, ਉਨ੍ਹਾਂ ਕਿਹਾ ਕਿ ਇਹ ਬੜੇ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਅੱਜ 84 ਫੀਸਦੀ ਨਹਿਰੀ ਪਾਣੀ ਸਿੰਚਾਈ ਲਈ ਵਰਤਿਆ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਦੇ ਅਣਥੱਕ ਯਤਨਾਂ ਸਦਕਾ ਧਰਤੀ ਹੇਠਲੇ ਪਾਣੀ ਦਾ ਪੱਧਰ ਵਧਣਾ ਸ਼ੁਰੂ ਹੋ ਗਿਆ ਹੈ ਅਤੇ ਕੇਂਦਰ ਸਰਕਾਰ ਦੀ ਰਿਪੋਰਟ ਅਨੁਸਾਰ ਇਸ ਵਿੱਚ ਇੱਕ ਮੀਟਰ ਦਾ ਵਾਧਾ ਹੋਇਆ ਹੈ। ਮੁੱਖ ਮੰਤਰੀ ਨੇ ਕਿਸਾਨਾਂ ਨੂੰ ਕਣਕ/ਝੋਨੇ ਦੇ ਫ਼ਸਲੀ ਚੱਕਰ ਵਿੱਚੋਂ ਨਿਕਲ ਕੇ ਫ਼ਸਲੀ ਵਿਭਿੰਨਤਾ ਅਪਣਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਫ਼ਸਲੀ ਵਿਭਿੰਨਤਾ ਨੂੰ ਹੁਲਾਰਾ ਦੇਣ ਲਈ ਬਦਲਵੀਆਂ ਫ਼ਸਲਾਂ 'ਤੇ ਕਿਸਾਨਾਂ ਨੂੰ ਘੱਟੋ-ਘੱਟ ਸਮਰਥਨ ਮੁੱਲ ਦੀ ਗਰੰਟੀ ਦੇਣੀ ਚਾਹੀਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸੂਬਾ, ਕੇਂਦਰੀ ਪੂਲ ਵਿੱਚ 180 ਲੱਖ ਮੀਟ੍ਰਿਕ ਟਨ ਚੌਲਾਂ ਦਾ ਯੋਗਦਾਨ ਪਾਉਂਦਿਆਂ ਦੇਸ਼ ਵਿੱਚ ਖੁਰਾਕ ਸੁਰੱਖਿਆ ਨੂੰ ਯਕੀਨੀ ਬਣਾਉਂਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਦੇਸ਼ ਨੂੰ ਖੁਰਾਕ ਸੁਰੱਖਿਆ ਪ੍ਰਦਾਨ ਕਰਨ ਵਾਲੇ ਪੰਜਾਬ ਦੇ ਕਿਸਾਨਾਂ ਨੂੰ ਪ੍ਰਦੂਸ਼ਣ ਪੈਦਾ ਕਰਨ ਲਈ ਜ਼ਿੰਮੇਵਾਰ ਠਹਿਰਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਹ ਪੂਰੀ ਤਰ੍ਹਾਂ ਅਣਉੱਚਿਤ ਹੈ, ਕਿਉਂਕਿ ਸੂਬੇ ਦੇ ਮਿਹਨਤੀ ਕਿਸਾਨਾਂ ਨੇ ਦੇਸ਼ ਨੂੰ ਅੰਨ ਉਤਪਾਦਨ ਵਿੱਚ ਆਤਮ-ਨਿਰਭਰ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਿਹਤ, ਸਿੱਖਿਆ, ਬਿਜਲੀ, ਪਾਣੀ ਅਤੇ ਬੁਨਿਆਦੀ ਢਾਂਚਾ ਉਨ੍ਹਾਂ ਦੀ ਸਰਕਾਰ ਦੀਆਂ ਪੰਜ ਪ੍ਰਮੁੱਖ ਤਰਜੀਹਾਂ ਹਨ। ਉਨ੍ਹਾਂ ਕਿਹਾ ਕਿ ਇਹ ਸਹੂਲਤਾਂ ਮੁਫ਼ਤ ਨਹੀਂ ਹਨ ਕਿਉਂਕਿ ਲੋਕ ਟੈਕਸਾਂ ਦੇ ਰੂਪ ਵਿੱਚ ਮੋਟੀਆਂ ਰਕਮਾਂ ਅਦਾ ਕਰਦੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਇਨ੍ਹਾਂ ਸਹੂਲਤਾਂ ਦੇ ਰੂਪ ਵਿੱਚ ਜਨਤਾ ਦਾ ਪੈਸਾ ਜਨਤਾ ਨੂੰ ਹੀ ਮੋੜਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਹਿਲਾਂ ਇਹ ਪੈਸਾ ਸਿਆਸਤਦਾਨਾਂ ਦੇ ਘਰਾਂ ਨੂੰ ਜਾਂਦਾ ਸੀ ਪਰ ਹੁਣ ਇਸ ਨੂੰ ਲੋਕ ਸੇਵਾ ਲਈ ਵਰਤਿਆ ਜਾ ਰਿਹਾ ਹੈ। ਵਿਰੋਧੀ ਧਿਰ ਨੂੰ ਆੜੇ ਹੱਥੀਂ ਲੈਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜ਼ਿਮਨੀ ਚੋਣਾਂ ਦੇ ਨਤੀਜਿਆਂ ਨੇ ਸਾਬਤ ਕਰ ਦਿੱਤਾ ਹੈ ਕਿ ਲੋਕਾਂ ਦਾ ਆਪ ਸਰਕਾਰ 'ਤੇ ਪੂਰਨ ਵਿਸ਼ਵਾਸ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਸੂਝਵਾਨ ਲੋਕਾਂ ਨੇ ਡਰਾਮੇਬਾਜ਼ ਸਿਆਸੀ ਆਗੂਆਂ ਨੂੰ ਸੱਤਾ ਤੋਂ ਲਾਂਭੇ ਕਰਕੇ ਉਨ੍ਹਾਂ ਦੇ ਹਿੱਤਾਂ ਦੀ ਗੱਲ ਕਰਨ ਵਾਲੇ ਨੁਮਾਇੰਦੇ ਚੁਣੇ ਹਨ। ਭਗਵੰਤ ਸਿੰਘ ਮਾਨ ਨੇ ਦੁਹਰਾਇਆ ਕਿ ਰਵਾਇਤੀ ਪਾਰਟੀਆਂ ਉਨ੍ਹਾਂ ਨਾਲ ਈਰਖਾ ਕਰਦੀਆਂ ਹਨ ਕਿਉਂਕਿ ਉਹ ਇੱਕ ਆਮ ਪਰਿਵਾਰ ਨਾਲ ਸਬੰਧ ਰੱਖਦੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਇਹ ਆਗੂ ਮੰਨਦੇ ਹਨ ਕਿ ਉਨ੍ਹਾਂ ਕੋਲ ਰਾਜ ਦਾ ਇਲਾਹੀ ਅਧਿਕਾਰ ਹੈ, ਜਿਸ ਕਾਰਨ ਉਨ੍ਹਾਂ ਨੂੰ ਇਹ ਹਜ਼ਮ ਨਹੀਂ ਹੋ ਰਿਹਾ ਕਿ ਇੱਕ ਆਮ ਆਦਮੀ ਸੂਬੇ ਨੂੰ ਇੰਨੀ ਕੁਸ਼ਲਤਾ ਨਾਲ ਚਲਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਆਗੂਆਂ ਨੇ ਲੰਮੇ ਸਮੇਂ ਤੋਂ ਲੋਕਾਂ ਨੂੰ ਮੂਰਖ ਬਣਾਇਆ ਹੈ ਪਰ ਹੁਣ ਲੋਕ ਇਨ੍ਹਾਂ ਦੇ ਗੁੰਮਰਾਹਕੁੰਨ ਪ੍ਰਚਾਰ ਦੇ ਝਾਂਸੇ ਵਿੱਚ ਨਹੀਂ ਆਉਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਹਕੀਕਤ ਹੈ ਕਿ ਕਾਨਵੈਂਟ ਸਕੂਲਾਂ ਵਿੱਚ ਪੜ੍ਹੇ ਇਹ ਸਿਆਸੀ ਲੀਡਰ ਸੂਬੇ ਦੀਆਂ ਬੁਨਿਆਦੀ ਲੋੜਾਂ ਤੋਂ ਕਦੇ ਵੀ ਜਾਣੂ ਨਹੀਂ ਹੋ ਸਕਦੇ। ਇਸ ਤੋਂ ਪਹਿਲਾਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੁੱਖ ਮੰਤਰੀ ਅਤੇ ਹੋਰ ਪਤਵੰਤਿਆਂ ਦਾ ਸਵਾਗਤ ਕੀਤਾ।

ਰੰਘਰੇਟਾ ਗੁਰੂ ਕਾ ਬੇਟਾ

ੴ ਸਤਿਗੁਰ ਪ੍ਰਸਾਦਿ ॥

ਰੰਘਰੇਟਾ ਗੁਰੂ ਕਾ ਬੇਟਾ

ਤਿਲਕ ਜੰਞੂ ਦੇ ਰਾਖੇ ਹਿੰਦ ਦੀ ਚਾਦਰ ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲ ਸ਼ਹੀਦੀ ਸਤਾਬਦੀ ਸਮਾਗਮ ਨੂੰ ਸਮਰਪਿਤ

ਅਤੇ ਗੁਰੂ ਸਾਹਿਬ ਜੀ ਦੇ ਨਾਲ ਸ਼ਹੀਦੀ ਪ੍ਰਾਪਤ ਕਰਨ ਵਾਲੇ ਸਿੱਖ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੀ ਮਹਾਨ ਸਹਾਦਤ ਨੂੰ ਸਮਰਪਿਤ ਅਮਰ ਸ਼ਹੀਦ ਸ਼੍ਰੋਮਣੀ ਜਰਨੈਲ ਬਾਬਾ ਜੀਵਨ ਸਿੰਘ (ਭਾਈ ਜੈਤਾ ਜੀ) ਦੇ ਦਿੱਲੀ (ਚਾਂਦਨੀ ਚੌਕ) ਤੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ (ਪਾਵਨ ਸੀਸ ) ਸ੍ਰੀ ਅਨੰਦਪੁਰ ਸਾਹਿਬ ਲੈ ਕੇ ਆਉਣ ਦੇ ਮਹਾਨ ਦਿਨ ਨੂੰ ਯਾਦ ਕਰਦਿਆਂ

ਸਮੁੱਚੀਆਂ ਰੰਘਰੇਟਾ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਨਿਸ਼ਾਨ ਸਾਹਿਬ ਅਤੇ ਨਗਾਰਿਆਂ ਦੀ ਗੂੰਜ ਵਿੱਚ

ਮਿਤੀ 6-12-24 ਦਿਨ ਸ਼ੁੱਕਰਵਾਰ ਨੂੰ



# ਮਹਾਨ ਸੀਸ ਭੇਟਾ ਵਿਸ਼ਾਲ ਨਗਰ ਕੀਰਤਨ

ਆਪ ਸਭ ਸੰਗਤਾਂ ਨੂੰ ਹੱਥ ਜੋੜ ਕੇ ਬੇਨਤੀ ਹੈ ਕਿ ਇਸ ਮਹਾਨ ਪਰ ਉਪਕਾਰ ਵਾਲੇ ਦਿਨ ਨੂੰ ਯਾਦ ਕਰਦਿਆਂ ਵੱਧ ਤੋਂ ਵੱਧ ਸੰਗਤਾਂ ਸੀਸ ਭੇਟ ਯਾਤਰਾ ਦੇ ਵਿਸ਼ਾਲ ਨਗਰ ਕੀਰਤਨ ਵਿੱਚ ਆਪੋ ਆਪਣੀਆਂ ਗੱਡੀਆਂ ਲੈ ਕੇ ਹਾਜ਼ਰੀਆਂ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ ।

## ਯਾਤਰਾ ਦਾ ਰੂਟ ਵੇਰਵਾ:-

ਆਵਾਜ਼ਿ ਕੌਮ AWAZE QAUM International Newspaper & WEB TV

**ਮਿਤੀ 6-12-24 ਦਿਨ ਸ਼ੁੱਕਰਵਾਰ ਨੂੰ**

ਗੁ: ਸੀਸ ਗੰਜ ਸਾਹਿਬ ਦਿੱਲੀ ਤੋਂ ਸਵੇਰੇ 8:00 ਵਜੇ ਆਰੰਭ ਹੋਵੇਗਾ ।
ਗੁ: ਸ਼੍ਰੀ ਨਾਨਕ ਪਿਆਉ ਦੇ ਰਸਤੇ ਸੋਨੀਪਤ, ਪਾਣੀਪਤ, ਕਰਨਾਲ ਬਾਈਪਾਸ, ਗ ਲੰਗਰ ਮਾਤਾ ਸਾਹਿਬ ਦੇਵਾਂ ਜੀ।
ਨਾਨਕਸਰ ਕਰਨਾਲ ਦੇ ਰਸਤੇ ਵਿਸ਼ਰਾਮ ਗੁ: ਸੀਸ ਗੰਜ ਸਾਹਿਬ ਤਰਾਵੜੀ ਵਿਖੇ ਹੋਵੇਗਾ ।

**ਮਿਤੀ 7-12-24 ਦਿਨ ਸ਼ਨੀਵਾਰ ਨੂੰ**

ਗੁ: ਸੀਸ ਗੰਜ ਸਾਹਿਬ ਤੋਂ ਤਰਾਵੜੀ ਤੋਂ ਆਰੰਭ ਹੋ ਕੇ ਵਾਇਆ ਕੁਰਕਸ਼ੇਤਰ ਵਿਖੇ, ਗੁ: ਮੰਜੀ ਸਾਹਿਬ ਪਾਤਿਸ਼ਾਹੀ ਛੇਵੀਂ ਤੇ ਪਿੱਪਲੀ ਸੰਪਰਦਾ ਨੀਲ ਧਾਰੀ ਤੋਂ ਸ਼ਾਹਬਾਦ ਦੇ ਰਸਤੇ ਗੁ: ਮੰਜੀ ਸਾਹਿਬ ਪਾਤਿਸ਼ਾਹੀ ਛੇਵੀਂ ਅੰਬਾਲਾ ਤੋਂ ਹੁੰਦਾ ਹੋਇਆ ਰਾਤ ਦਾ ਵਿਸ਼ਰਾਮ ਗੁ: ਨਾਭਾ ਸਾਹਿਬ ਜੀਰਕਪੁਰ ਵਿਖੇ ਹੋਵੇਗਾ ।

**ਮਿਤੀ 8-12-24 ਦਿਨ ਐਤਵਾਰ ਨੂੰ**

ਗੁ: ਨਾਭਾ ਸਾਹਿਬ ਜੀਰਕਪੁਰ ਤੋਂ ਆਰੰਭ ਹੋ ਕੇ ਏਅਰਪੋਰਟ ਰੋਡ ਤੋਂ ਆਈਸਰ ਕੰਪਨੀ ਤੋਂ ਹੁੰਦਾ ਹੋਇਆ ਫੇਜ਼ 11 ਵਿਖੇ ਗੁ: ਸਿੰਘ ਸਭਾ ਤੋਂ ਗੁ: ਬਾਬਾ ਨਾਮਦੇਵ ਜੀ ਫੇਜ਼ 10 ਤੋਂ ਗੁ: ਸਿੰਘ ਸ਼ਹੀਦਾਂ ਸੁਹਾਣਾਂ ਤੋਂ ਗੁ ਅੰਬ ਸਾਹਿਬ ਫੇਜ਼ 8 ਤੋਂ ਗੁ: ਸਿੰਘ ਸਭਾ ਤੋਂ ਗੁ ਰਵੀਦਾਸ ਟੈਂਪਲ ਫੇਜ਼ 7 ਤੋਂ ਗੁ ਸਾਚਾ ਧੰਨ ਫੇਜ ਤਬੀ 1 ਤੇ ਹੁੰਦਾ ਹੋਇਆ ਗੁ ਰਾਮਗੜੀਆਂ ਸਾਹਿਬ 3 ਬੀ 1 ਤੋਂ ਹੁੰਦਾ ਹੋਇਆ ਗੁ: ਬਾਬਾ ਜੀਵਨ ਸਿੰਘ ਫੇਜ 3 ਏ ਖੇਰ ਲਾਂਡਰਾ ਰਸਤੇ ਹੁੰਦਾ ਹੋਇਆ ਰਾਤ ਵਿਸ਼ਰਾਮ ਸ੍ਰੀ ਫਤਹਿਗੜ ਸਾਹਿਬ ਸਰਹੰਦ ਵਿਖੇ ਹੋਵੇਗਾ ।

**ਮਿਤੀ 9-12-24 ਦਿਨ ਸੋਮਵਾਰ ਨੂੰ**

ਗੁ: ਫਤਿਹਗੜ ਸਾਹਿਬ ਤੋਂ ਅਰੰਭ ਹੋ ਕੇ ਚਾਇਆ ਮੋਰਿੰਡਾਂ ਹੁੰਦਾ ਹੋਇਆ ਗੁ ਕੀਤਵਾਲੀ ਸਾਹਿਬ ਤੇ ਹੁੰਦਾ ਹੋਇਆ ਗੁ ਸ੍ਰੀ ਚਮਕੌਰ ਸਾਹਿਬ ਹੁੰਦਾ ਹੋਇਆ ਗੁ: ਸ਼ਹੀਦ ਬਾਬਾ ਦੀਪ ਸਿੰਘ ਸੇਲਖੀਆਂ, ਗੁ: ਭੱਠਾ ਸਾਹਿਬ ਪਾਤਿਸ਼ਾਹੀ ਦਸਵੀਂ ਤੋਂ ਗੁ ਸਦਾਬਰਤ ਸਾਹਿਬ ਤੋਂ ਸਾਹੀ ਟਿੱਬੀ ਤੋਂ ਗੁ: ਨਿਰਮੋਹਗੜ੍ਹ ਦੇ ਰਸਤੇ ਗੁ: ਕੀਰਤਪੁਰ ਸਾਹਿਬ ਰੋਪੜ ਵਿਖੇ ਰਾਤ ਦਾ ਵਿਸ਼ਰਾਮ

**ਮਿਤੀ 10-12-24 ਦਿਨ ਮੰਗਲਵਾਰ ਨੂੰ**

ਸਵੇਰੇ 7:00 ਵਜੇ ਗੁ: ਬਿਬਾਣਗੜ੍ਹ ਸਾਹਿਬ ਅਰੰਭ ਹੋ ਕੇ ਸ੍ਰੀ ਅਨੰਦਪੁਰ ਸਾਹਿਬ ਦੀਆਂ ਸਮੂਹ ਸੰਗਤਾਂ ਨਗਰ ਕੀਰਤਨ ਨੂੰ ਜੀ ਆਇਆ ਕਰਨ ਤੇ ਵਿਸ਼ਾਲ ਨਗਰ ਕੀਰਤਨ ਰਾਹੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚ ਕੇ ਸੰਗਤਾਂ ਵੱਲੋਂ

ਗੁ: ਸੀਸ ਗੰਜ਼ ਸਾਹਿਬ (ਸ੍ਰੀ ਅਨੰਦਪੁਰ ਸਾਹਿਬ) ਵਿਖੇ ਕੀਰਤਨ ਦਰਬਾਰ ਹੋਵੇਗਾ ਅਤੇ ਨਗਰ ਕੀਰਤਨ ਸਮਾਪਤੀ ਦੀ ਅਰਦਾਸ ਕੀਤੀ ਜਾਵੇਗੀ ।



ਜਥੇਦਾਰ ਬਾਬਾ ਮੇਜਰ ਸਿੰਘ ਸੋਢੀ
ਮੁੱਖੀ ਦਸਮੇਸ਼ ਤਰਨਾ ਦਲ ਪੰਜਵਾਂ ਨਿਸ਼ਾਨ ਮਿਸਲ
1300 ਘੋੜ ਸਵਾਰ ਸ਼ਹੀਦ ਬਾਬਾ ਬੀਰ ਸਿੰਘ ਰੰਘਰੇਟਾ
ਸ੍ਰੀ ਅੰਮ੍ਰਿਤਸਰ ਸਾਹਿਬ





ਮਹਿਤਾ ਚੌਂਕ



ਭਾਈ ਸੁਖਦੇਵ ਸਿੰਘ ਜੀ
ਮੁੱਖ ਬੁਲਾਰੇ ਦਮਦਮੀ ਟਕਸਾਲ

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :


+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥


ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)







# ਮਹਾਨ ਗੁਰਮਤਿ ਸਮਾਗਮ

**ਅਕਾਲ ਚਲਾਣਾ ਭਾਈ ਮਰਦਾਨਾ ਸਾਹਿਬ ਜੀ ਅਤੇ ਜਨਮ ਦਿਹਾੜਾ ਬਾਬਾ ਗੁਰਦਿੱਤਾ ਸਾਹਿਬ ਜੀ ਅਤੇ ਜਨਮ ਦਿਹਾੜਾ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।**

☛ ਸ਼ਨਿੱਚਰਵਾਰ 30 ਨਵੰਬਰ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ।

☛ ਐਤਵਾਰ 1 ਦਸੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਰਜਿੰਦਰ ਸਿੰਘ ਨਾਨਕਸਰ ਵਾਲੇ ਕਥਾ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

### ਸਰਪੰਚ ਜਗਸੀਰ ਸਿੰਘ ਜੱਗਾ ਭੋਜੋਵਾਲੀ

# ਪੰਚਾਇਤ ਯੂਨੀਅਨ ਬਲਾਕ ਧੂਰੀ ਦੇ ਪ੍ਰਧਾਨ ਬਣੇ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਚਾਇਤ ਯੂਨੀਅਨ ਬਲਾਕ ਧੂਰੀ ਦੀ ਚੋਣ ਸਰਬ ਸੰਮਤੀ ਨਾਲ ਕੀਤੀ ਗਈ। ਜਿਸ ਵਿੱਚ ਸਰਪੰਚ ਜਗਸੀਰ ਸਿੰਘ ਜੱਗਾ ਭੋਜਵਾਲੀ ਨੂੰ ਪ੍ਰਧਾਨ ਚੁਣਿਆ ਗਿਆ । ਜਿਸ ਵਿੱਚ ਸਰਪੰਚ ਹਰਜੀਤ ਸਿੰਘ ਬੁਗਰਾ ਸੀਨੀਅਰ ਮੀਤ ਪ੍ਰਧਾਨ, ਜਰਨਲ ਸਕੱਤਰ ਸਰਪੰਚ ਜਸਵੀਰ ਦਾਸ ਢਢੋਗਲ, ਖਜਾਨਚੀ ਸਰਪੰਚ ਹਰਦੀਪ ਸਿੰਘ , ਸਰਪੰਚ ਅਮਨਦੀਪ ਸਿੰਘ ਸੈਕਟਰੀ , ਸਰਪੰਚ ਮਿੱਠੂ ਲੱਡਾ ਮੁੱਖ ਬੁਲਾਰਾ, ਪਰੈਸ ਸਕੱਤਰ ਸਤਿਗੁਰ ਸਿੰਘ ਸਰਪੰਚ ਕਾਂਝਲਾ, ਮੁੱਖ ਸਲਾਹਕਾਰ ਸਰਪੰਚ ਭਗਵਾਨ ਸਿੰਘ ਭਲਵਾਨ , ਸਲਾਹਕਾਰ ਸਰਪੰਚ ਅਹੁਦੇਦਾਰ ਚੁਣੇ ਗਏ। ਬਲਾਕ ਧੂਰੀ ਦੇ ਬਾਕੀ ਸਰਪੰਚਾਂ ਨੂੰ ਪੰਚਾਇਤ ਯੂਨੀਅਨ ਦੇ ਮੈਂਬਰ ਚੁਣੇ ਗਏ ਜਿਸ ਵਿੱਚ ਸਰਪੰਚ ਗੋਵਿੰਦਰ ਖੰਗੂੜਾ ਪੁੰਨਾਵਾਲ, ਸਰਪੰਚ ਗੁਰਮੇਲ ਸਿੰਘ ਬੁਰਜਗੌਹਰਾ, ਸਰਪੰਚ ਲਾਲੀ ਬੰਗਾਂਵਾਲੀ, ਸਰਪੰਚ ਗੋਪਾਲ ਕ੍ਰਿਸ਼ਨ ਬੇਨੜਾ, ਸਰਪੰਚ ਦਵਿੰਦਰ ਸਿੰਘ ਧੂਰਾ , ਸਰਪੰਚ ਕਰਮਜੀਤ ਸਿੰਘ ਬਰੜਵਾਲ, ਸਰਪੰਚ ਰਾਜਵਿੰਦਰ ਸਿੰਘ ਬਰੜਵਾਲ, ਸਰਪੰਚ ਜਸਵੀਰ ਸਿੰਘ ਮਾਨਵਾਲਾ, ਸਰਪੰਚ ਗੁਰਪ੍ਰੀਤ ਸਿੰਘ ਗੋਪੀ ਮੀਮਸਾ , ਸਰਪੰਚ ਸੁਖਦੀਪ ਸਿੰਘ ਚੀਮਾ, ਸਰਪੰਚ ਰਵਿੰਦਰ ਕੁਮਾਰ ਰਿੰਕਾ ਹਸਨਪੁਰ , ਸਰਪੰਚ ਰੰਚਨਾ , ਸਰਪੰਚ ਰਾਜ ਸਿੰਘ ਮਾਨਾ, ਸਰਪੰਚ ਜਸਪਾਲ ਸਿੰਘ ਜੱਸੀ ਧਾਂਦਰਾ , ਸਰਪੰਚ ਸੁਖਜੀਤ ਸਿੰਘ ਕਾਂਝਲੀ, ਸਰਪੰਚ ਨਾਇਕ ਵਸਤੀ ਲੱਡਾ, ਸਰਪੰਚ ਜਸਬੀਰ ਸਿੰਘ , ਸਰਪੰਚ ਰਾਮ ਜੀ ਨੱਤਾਂ ਆਦਿ ਸਰਪੰਚ ਯੂਨੀਅਨ ਦੇ ਮੈਂਬਰ ਚੁਣੇ ਗਏ ਅਤੇ ਅਮਰੀਕ ਸਿੰਘ ਭੋਜੋਵਾਲੀ ਚੇਅਰਮੈਨ ਵੇਰਕਾ ਮਿਲਕ ਪਲਾਂਟ ਸੰਗਰੂਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਜੰਡਿਆਲਾ ਹਲਕੇ ਦੇ ਮਹਿਲਾ ਸਰਪੰਚਾਂ ਦੇ ਸਨਮਾਨ 'ਚ ਨਿਵੇਕਲਾ ਸਮਾਗਮ ਮਹਿਲਾ ਸਰਪੰਚਾਂ ਦੀ ਹੋਂਦ ਮਹਿਲਾ ਸ਼ਸ਼ਕਤੀਕਰਨ ਵੱਲ ਵਧਦੇ ਕਦਮ- ਈ ਟੀ ਓ

# ਸਰਪੰਚ ਆਪਣਾ ਫ਼ਰਜ਼ ਬਿਨਾਂ ਪੱਖਪਾਤ ਤੋਂ ਨਿਭਾਉਣ - ਡਿਪਟੀ ਕਮਿਸ਼ਨਰ

**ਜੰਡਿਆਲਾ ਗੁਰੂ**, 30 **ਨਵੰਬਰ ( ਕੁਲਵੰਤ ਸਿੰਘ ਵਿਰਦੀ)**-ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈਟੀਓ ਨੇ ਆਪਣੇ ਹਲਕੇ ਵਿੱਚ ਚੁਣੇ ਗਏ ਮਹਿਲਾ ਸਰਪੰਚਾਂ ਦੇ ਸਨਮਾਨ ਵਿੱਚ ਕਰਵਾਏ ਸਮਾਗਮ ਨੂੰ ਸੰਬੋਧਨ ਕਰਦਿਆਂ ਸੱਦਾ ਦਿੱਤਾ ਕਿ ਵਿਕਾਸ ਕਾਰਜਾਂ ਵਿੱਚ ਪਾਰਦਰਸ਼ਤਾ ਯਕੀਨੀ ਬਣਾਉਣ ਲਈ ਕੰਮ ਕਰਨ।ਉਹਨਾਂ ਨੇ ਕਿਹਾ ਕਿ ਲੋਕਾਂ ਦੀ ਭਲਾਈ ਅਤੇ ਪਿੰਡਾਂ ਦੇ ਵਿਆਪਕ ਵਿਕਾਸ ਲਈ ਜਨਤਾ ਦੇ ਪੈਸੇ ਦੀ ਸਮਝਦਾਰੀ ਨਾਲ ਵਰਤੋਂ ਯਕੀਨੀ ਬਣਾਉਣਾ ਲਾਜ਼ਮੀ ਹੈ।ਉਹਨਾਂ ਕਿਹਾ ਕਿ ਸਾਡੇ ਲਈ ਮਾਣ ਵਾਲੀ ਗੱਲ ਹੈ ਕਿ ਇਸ ਵਾਰ 53 ਫੀਸਦੀ ਮਹਿਲਾ ਸਰਪੰਚ ਹਨ।

ਉਨ੍ਹਾਂ ਕਿਹਾ ਕਿ ਜੇ ਸਰਪੰਚ ਆਪਣੀ ਡਿਊਟੀ ਬਾਖੂਬੀ ਨਾਲ ਨਿਭਾਉਣ ਤਾਂ ਉਹ ਆਮ ਆਦਮੀ ਅਤੇ ਆਪਣੇ ਪਿੰਡਾਂ ਦੀ ਤਕਦੀਰ ਬਦਲ ਸਕਦੇ ਹਨ। ਉਨਾਂ ਨੇ ਕਿਹਾ ਕਿ ਸੂਬਾ ਸਰਕਾਰ ਸਰਪੰਚਾਂ ਨੂੰ ਹਰ ਨੇਕ ਕੰਮ ਲਈ ਪੂਰਾ ਸਹਿਯੋਗ ਦੇਵੇਗੀ ।ਉਨਾਂ ਮਹਿਲਾ ਸਰਪੰਚਾਂ ਨੂੰ ਸੂਬੇ ਵਿੱਚੋਂ ਨਸ਼ਿਆਂ ਦੀ ਲਾਹਨਤ ਨੂੰ ਜੜ੍ਹੋਂ ਪੁੱਟਣ ਦਾ ਸੱਦਾ ਦਿੰਦਿਆਂ ਕਿਹਾ ਕਿ ਸਰਪੰਚਾਂ ਦੀ ਸਰਗਰਮ ਭੂਮਿਕਾ ਨਾਲ ਪੰਜਾਬ ਨੂੰ ਜਲਦੀ ਹੀ ਨਸ਼ਾ ਮੁਕਤ ਸੂਬਾ ਬਣਾਇਆ ਜਾਵੇਗਾ। ਕੈਬਨਿਟ ਮੰਤਰੀ ਨੇ ਕਿਹਾ ਕਿ ਸਰਪੰਚਾਂ ਦੀ ਵੱਡੀ ਭੂਮਿਕਾ ਹੁੰਦੀ ਹੈ ਅਤੇ ਉਨ੍ਹਾਂ ਨੂੰ ਆਪਣੀ ਡਿਊਟੀ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਉਣੀ ਚਾਹੀਦੀ ਹੈ ।ਕੈਬਨਿਟ ਮੰਤਰੀ ਨੇ ਕਿਹਾ ਕਿ ਸਾਡੇ ਦੇਸ਼ ਦੀ ਲਗਭਗ 70 ਫੀਸਦੀ ਆਬਾਦੀ ਪਿੰਡਾਂ ਵਿੱਚ ਰਹਿੰਦੀ ਹੈ, ਜਿਸ ਕਾਰਨ ਪੰਚਾਇਤੀ ਰਾਜ ਸੰਸਥਾਵਾਂ ਨੂੰ ਲੋਕਤੰਤਰ ਦੇ ਚਾਨਣ ਮੁਨਾਰੇ ਵਜੋਂ ਦੇਖਿਆ ਜਾਂਦਾ ਹੈ। ਸ੍ਰ ਹਰਭਜਨ ਸਿੰਘ ਨੇ ਸਰਪੰਚਾਂ ਨੂੰ ਭਰੋਸਾ ਦਿਵਾਇਆ ਕਿ ਪਿੰਡਾਂ ਵਿੱਚ ਵਿਕਾਸ ਕਾਰਜ ਕਰਵਾਉਣ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਸਰਪੰਚਾਂ ਨੂੰ ਕਿਹਾ ਕਿ ਉਹ ਆਪਣੇ ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਪਹਿਲ ਦੇਣ ਤਾਂ ਜੋ ਸੂਬਾ ਸਰਕਾਰ ਵੱਲੋਂ ਇਸ ਸਬੰਧੀ ਕੰਮ ਸ਼ੁਰੂ ਕਰਵਾਏ ਜਾ ਸਕਣ। ਉਨਾਂ ਨੇ ਕਿਹਾ ਕਿ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਪੰਚਾਇਤਾਂ ਨੂੰ ਮਤੇ ਪਾਸ ਕਰਨੇ ਚਾਹੀਦੇ ਹਨ ਅਤੇ ਸੂਬਾ ਸਰਕਾਰ ਇਸ ਲਈ ਹਰ ਹੀਲਾ ਵਰਤੇਗੀ ।ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਸਾਰਿਆਂ ਨੂੰ ਉਸਾਰੂ ਮੁਹਿੰਮ ਸ਼ੁਰੂ ਕਰ ਕੇ ਪਿੰਡਾਂ ਦੀ ਕਾਇਆ-ਕਲਪ ਕਰਨ ਲਈ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ ਤਾਂ ਜੋ ਅਸੀਂ ਰੰਗਲਾ ਪੰਜਾਬ ਸਿਰਜ ਸਕੀਏ। ਉਨ੍ਹਾਂ ਸਰਪੰਚਾਂ ਨੂੰ ਪਿੰਡਾਂ ਨੂੰ ਸਾਫ਼-ਸੁਥਰਾ, ਹਰਿਆ ਭਰਿਆ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਸਖ਼ਤ ਮਿਹਨਤ ਕਰਨ ਲਈ ਵੀ ਕਿਹਾ।ਉਹਨਾਂ ਨੂੰ ਕਿਹਾ ਕਿ ਤੁਸੀਂ ਪਿੰਡਾਂ ਦੇ ਵਿਕਾਸ ਲਈ ਜੋ ਵੀ ਪ੍ਰੋਗਰਾਮ ਉਲੀਕੋਗੇ ਜ਼ਿਲ੍ਹਾ ਪ੍ਰਸ਼ਾਸਨ ਤੁਹਾਡਾ ਡਟਕੇ ਸਾਥ ਦੇਵੇਗਾ। ਇਸ ਮੌਕੇ ਆਪ ਦੇ ਮਹਿਲਾ ਪ੍ਰਧਾਨ ਸ੍ਰੀਮਤੀ ਸੁਨੇਨਾ ਰੰਧਾਵਾ, ਸ੍ਰੀ ਨਰੇਸ਼ ਪਾਠਕ, ਡੀਐਸਪੀ ਜੰਡਿਆਲਾ ਗੁਰੂ ਰਵਿੰਦਰ ਸਿੰਘ ਤੇ ਹੋਰ ਪਤਵੰਤੇ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# ਜੈ ਦੁਰਗਾ ਪ੍ਰਾਚੀਨ ਮਾਈਸਰ ਮੰਦਿਰ ਤਲਵੰਡੀ ਸਾਬੋ ਦੇ ਗੇਟ ਦਾ ਰੱਖਿਆ ਨੀਂਹ ਪੱਥਰ

ਤਲਵੰਡੀ ਸਾਬੋ, 30 ਨਵੰਬਰ (ਗੁਰਜੰਟ ਸਿੰਘ ਨਥੇਹਾ)- ਜੈ ਦੁਰਗਾ ਪ੍ਰਾਚੀਨ ਮੰਦਿਰ ਮਾਈਸਰ ਤਲਵੰਡੀ ਸਾਬੋ ਦੇ ਪਿਛਲੇ ਹਿੱਸੇ ਵਿੱਚ ਪੁਰਾਤਨ ਦਿੱਖ ਦੇਣ ਵਾਲੇ ਗੇਟ ਦਾ ਨੀਂਹ ਪੱਥਰ ਰੱਖਿਆ ਗਿਆ। ਨੀਂਹ ਪੱਥਰ ਰੱਖਣ ਦੀ ਰਸਮ ਜੈ ਦੁਰਗਾ ਪ੍ਰਾਚੀਨ ਮੰਦਿਰ ਤਲਵੰਡੀ ਸਾਬੋ ਦੇ ਪ੍ਰਧਾਨ ਸ਼੍ਰੀ ਦੀਵਾਨ ਚੰਦ ਗਰਗ ਵੱਲੋਂ ਆਪਣੇ ਸ਼ਿਸ਼ ਧਰਮਿੰਦਰ ਘਾਰੂ ਹੱਥੋਂ ਕਰਵਾਈ ਗਈ ।ਇਸ ਮੌਕੇ ਪ੍ਰਧਾਨ ਦੀਵਾਨ ਚੰਦ ਗਰਗ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਧਰਮਿੰਦਰ ਘਾਰੂ ਵੱਲੋਂ ਜਿੱਥੇ ਸ੍ਰੀ ਬਾਲਾ ਜੀ ਇੱਛਾਪੂਰਤੀ ਮੰਦਰ ਭਾਗੀਵਾਂਦਰ ਦੀ ਉਸਾਰੀ ਦੀ ਸ਼ੁਰੂਆਤ ਕਰਵਾਉਣ ਲਈ ਮਿਹਨਤ ਕੀਤੀ ਗਈ ਉੱਥੇ ਜੈ ਦੁਰਗਾ ਪ੍ਰਾਚੀਨ ਮਾਇਸਰ ਮੰਦਿਰ ਤਲਵੰਡੀ ਸਾਬੋ ਵਿਖੇ ਸ਼੍ਰੀ ਸ਼ਨੀਦੇਵ ਮੰਦਿਰ ਵੀ ਧਰਮਿੰਦਰ ਘਾਰੂ ਦੇ ਯਤਨਾਂ ਸਦਕਾ ਹੀ ਸੁਭਾਇਮਾਨ ਹੈ। ਇਸ ਮੌਕੇ ਉਕਤ ਤੋਂ ਇਲਾਵਾ ਦਰਸ਼ਨ ਜੈਦ, ਮਿਸਤਰੀ ਗਗਨਦੀਪ ਸਿੰਘ ਸੰਗਤ, ਮਿਸਤਰੀ ਬਚਿੱਤਰ ਸਿੰਘ, ਮਿਸਤਰੀ ਗੁਰਪ੍ਰੀਤ ਸਿੰਘ ਜੌੜਕੀਆਂ ਅਤੇ ਪੰਡਿਤ ਖੇਮ ਚੰਦ ਤੋਂ ਇਲਾਵਾ ਹੋਰ ਬਹੁਤ ਸਾਰੇ ਪਤਵੰਤਿਆਂ ਨੇ ਸ਼ਿਰਕਤ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV



# ਅੰਮ੍ਰਿਤਧਾਰੀ ਸਿੱਖਾਂ ਨੂੰ ਕਿਰਪਾਨ ਧਾਰਨ ਕਰਨ ਦਾ ਸੰਵਿਧਾਨਕ ਹੱਕ : ਸਰਪੰਚ ਕਿਲਾ ਹਕੀਮਾਂ



**ਸੇਰਪੁਰ ( ਰਣਜੀਤ ਸਿੰਘ ਪੇਧਨੀ )**-ਦਿੱਲੀ ਦੇ ਝਿਲਮਿਲ ਮੈਟਰੋ ਸਟੇਸ਼ਨ 'ਤੇ ਇਕ ਅੰਮ੍ਰਿਤਧਾਰੀ ਸਿੱਖ ਨੂੰ ਕਿਰਪਾਨ ਸਮੇਤ ਅੰਦਰ ਦਾਖਲ ਨਹੀਂ ਹੋਣ ਦਿਤਾ ਗਿਆ। ਇਹ ਦੇਸ਼ ਦੇ ਸੰਵਿਧਾਨ ਦੀ ਉਲੰਘਣਾ ਹੈ ਅਤੇ ਅੰਮ੍ਰਿਤਧਾਰੀ ਸਿੱਖਾਂ ਨਾਲ ਕੋਂਜਾ ਮਜਾਕ ਹੈ ਅਤੇ ਸਿੱਖਾਂ ਨੂੰ ਦੂਜੇ ਦਰਜੇ ਦੇ ਸ਼ਹਿਰੀ ਹੋਣ ਦਾ ਅਹਿਸਾਸ ਕਰਵਾਇਆ ਜਾ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨੌਜਵਾਨ ਆਗੂ ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ ਨੇ ਕੀਤਾ। ਉਨ੍ਹਾਂ ਕਿਹਾ ਕਿ ਦੇਸ਼ ਅੰਦਰ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਖਿਲਵਾੜ ਦੇ ਮਾਮਲੇ ਲਗਾਤਾਰ ਸਾਹਮਣੇ ਆ ਰਹੇ ਹਨ। ਦੁੱਖ ਦੀ ਗੱਲ ਹੈ ਕਿ ਸਰਕਾਰਾ ਅਜਿਹਾ ਕਰਨ ਵਾਲਿਆਂ 'ਤੇ ਕੋਈ ਮਿਸਾਲੀ ਕਾਰਵਾਈ ਨਹੀਂ ਕਰ ਰਹੀਆਂ। ਉਨ੍ਹਾਂ ਕਿਹਾ ਕਿ ਭਾਰਤ ਦੇ ਸੰਵਿਧਾਨ ਅੰਦਰ ਦੇਸ਼ ਦੇ ਹਰ ਨਾਗਰਿਕ ਨੂੰ ਆਪਣੀਆਂ ਧਾਰਮਿਕ ਮਾਨਤਾਵਾਂ ਅਤੇ ਆਜ਼ਾਦੀ ਨਾਲ ਜੀਵਨ ਜੀਉਣ ਦੀ ਖੁੱਲ੍ਹ ਹੈ। ਸਿੱਖ ਧਰਮ ਦੇ ਅੰਮ੍ਰਿਤਧਾਰੀ ਸਿੱਖਾਂ ਲਈ ਗੁਰੂ ਬਖਸ਼ਿਸ਼ ਪੰਜ ਕਕਾਰ ਧਾਰਨ ਕਰਨਾ ਲਾਜ਼ਮੀ ਹੈ ਅਤੇ ਇਸ ਦੀ ਇਜਾਜ਼ਤ ਭਾਰਤ ਦਾ ਸੰਵਿਧਾਨ ਵੀ ਦਿੰਦਾ ਹੈ। ਉਨਾਂ ਕਿਹਾ ਸਰਕਾਰ ਨੂੰ ਦੋਸ਼ੀ ਕਰਮਚਾਰੀ ਖਿਲਾਫ਼ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ।ਉਨ੍ਹਾਂ ਇਸ ਮਾਮਲੇ ਵਿਚ ਭਾਰਤ ਦੇ ਗ੍ਰਹਿ ਮੰਤਰਾਲੇ ਅਤੇ ਦਿੱਲੀ ਸਰਕਾਰ ਨੂੰ ਤੁਰੰਤ ਕਾਰਵਾਈ ਕਰਦਿਆਂ ਸਿੱਖਾਂ ਦੇ ਹੱਕ ਹਕੂਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਕਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਧੂਰੀ ਨੇਤਰ ਬੈਂਕ ਸੰਮਤੀ ਵੱਲੋਂ 37ਵਾਂ ਅੱਖਾਂ ਦਾ ਕੈਂਪ ਲਗਾਇਆ



**ਧੂਰੀ (ਰਣਜੀਤ ਸਿੰਘ ਪੇਧਨੀ )**-ਨੇਤਰ ਸੰਮਤੀ ਅਤੇ ਨਿਸ਼ਕਾਮ ਸੇਵਾ ਸਭਾ ਵੱਲੋਂ ਮਹਾਸ਼ਾ ਪ੍ਰਤਿਗਿਆਪਾਲ ਦੀ ਅਗਵਾਈ ਹੇਠ ਹਰ ਸਾਲ ਦੀ ਤਰ੍ਹਾਂ ਅੱਖਾਂ ਦਾ 37ਵਾਂ ਵਿਸ਼ਾਲ ਚੈਕ ਅਪ ਕੈਂਪ ਅਤੇ ਆਪਰੇਸ਼ਨ ਕੈਂਪ ਲਗਾਇਆ ਗਿਆ ਇਸ ਮੌਕੇ ਏ ਆਰ ਸ਼ਰਮਾ ਏ ਪੀ ਸੋਲਵੈਕਸ ਦੇ ਐਮ ਡੀ, ਸਮਾਜ ਸੇਵੀ ਮੱਖਣ ਲਾਲ ਜੀ ਗਰਗ, ਸਾਬਕਾ ਐਮਐਲਏ ਸਰਦਾਰ ਦਲਵੀਰ ਸਿੰਘ ਗੋਲਡੀ ਵੱਲੋਂ ਜੋਤੀ ਪ੍ਰਚੰਡ ਕੀਤੀ ਗਈ। ਇਸ ਕੈਂਪ ਵਿੱਚ ਡਾਕਟਰਾਂ ਦੀ ਮਾਹਿਰ ਟੀਮ ਦੁਬਾਰਾ ਓਪੀਡੀ ਵਿੱਚ ਮਰੀਜ਼ ਦੇਖੇ ਗਏ ਅਤੇ ਉਪਰੰਤ ਆਪਰੇਸ਼ਨ ਕੀਤੇ ਗਏ ਅਤੇ ਮੁਫਤ ਦਵਾਈਆਂ ਦਿੱਤੀਆਂ ਗਈਆਂ ਇਸ ਮੌਕੇ ਪ੍ਰਧਾਨ ਡਾਕਟਰ ਰਮੇਸ਼ ਸ਼ਰਮਾ, ਹੰਸਰਾਜ ਜੀ ਗਰਗ ਸਕੱਤਰ, ਕੈਸ਼ੀਅਰ ਰਕੇਸ਼ ਕੁਮਾਰ ਅਤੇ ਮੁੱਖ ਸੇਵਾਦਾਰ ਪਰਵੀਨ ਕੁਮਾਰ ਗਰਗ, ਸ੍ਰੀ ਅਸ਼ੋਕ ਕੁਮਾਰ ਜੀ ਲੱਖਾ ਚੇਅਰਮੈਨ ਗਊ ਸੇਵਾ ਪੰਜਾਬ, ਪਵਨ ਹਰਚੰਦਪੁਰੀ ਪ੍ਰਧਾਨ ਪੰਜਾਬੀ ਸਾਹਿਤ ਸਭਾ ਧੂਰੀ, ਸ੍ਰੀ ਸੁਰੇਸ਼ ਕੁਮਾਰ ਬਾਂਸਲ ,ਮਲਕੀਤ ਸਿੰਘ ਚਾਂਗਲੀ ਚੇਅਰਮੈਨ, ਮਨਜੀਤ ਬਖਸ਼ੀ, ਨਰੇਸ਼ ਮੰਗੀ, ਦਰਸ਼ਨ ਕੁਮਾਰ ਦਰਸ਼ੀ, ਨਗਰ ਕੌਂਸਲ ਦੇ ਪ੍ਰਧਾਨ ਪੱਪੂ ਤਾਇਲ, ਡਾਕਟਰ ਰਕੇਸ਼ ਕੁਮਾਰ ਗਰਗ, ਡਾਕਟਰ ਵਿਜੇ ਗੁਪਤਾ ਚੌਧਰੀ ਪਵਨ ਕੁਮਾਰ ਵਰਮਾ,ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਰਾਜਵਿੰਦਰ ਸਿੰਘ ਮੀਮਸਾ ਨੂੰ ਐਸ ਪੀ ਬਣਨ ਤੇ ਇਲਾਕੇ ਵਿੱਚ ਖੁਸ਼ੀ ਦਾ ਮਾਹੌਲ

**ਧੂਰੀ (ਰਣਜੀਤ ਸਿੰਘ ਪੇਧਨੀ)**-ਪਿੰਡ ਮੀਮਸਾ ਦੇ ਵਾਸੀ ਰਾਜਵਿੰਦਰ ਸਿੰਘ ਰੰਧਾਵਾ ਪੰਜਾਬ ਪੁਲਿਸ ਵਿੱਚ ਡੀ ਐਸ ਪੀ ਬਣਕੇ ਅਪਣੀਆ ਸੇਵਾਵਾਂ ਪੰਜਾਬ ਪੁਲਿਸ ਨੂੰ ਦੇ ਰਹੇ ਸਨ ਨੂੰ ਪੰਜਾਬ ਪੁਲਿਸ ਵੱਲੋਂ ਉਨ੍ਹਾਂ ਨੂੰ ਪੱਦ ਉਨਤ ਕਰਕੇ ਐਸ ਪੀ ਬਣਾ ਦਿੱਤਾ ਹੈ। ਰਾਜਵਿੰਦਰ ਸਿੰਘ ਮੀਮਸਾ ਨੂੰ ਐਸ ਪੀ ਬਣਨ ਤੇ ਉਨ੍ਹਾਂ ਦੇ ਧੂਰੀ ਨੇ ਇਲਾਕੇ ਅੰਦਰ ਖ਼ੁਸ਼ੀ ਦਾ ਮਾਹੌਲ ਬਣਿਆ ਹੋਇਆ ਹੈ। ਪੰਜਾਬ ਪੁਲਿਸ ਦੇ ਇਸ ਫੈਸਲੇ ਦੀ ਸ਼ਲਾਘਾ ਕਰਦਿਆਂ ਐਡਵੋਕੇਟ ਰਾਜਦੀਪ ਸਿੰਘ ਰੰਧਾਵਾ, ਨਾਹਰ ਸਿੰਘ ਸਾਬਕਾ ਸਰਪੰਚ, ਜਗਜੀਤ ਸਿੰਘ ਸੈਕਟਰੀ, ਧੰਨਾ ਸਿੰਘ ਸੈਕਟਰੀ, ਇੰਦਰਜੀਤ ਸਿੰਘ ਸਾਬਕਾ ਸਰਪੰਚ, ਪ੍ਰੋਫੈਸਰ ਬਲਵਿੰਦਰ ਸਿੰਘ ਖੱਟੜਾ, ਬਲਵਿੰਦਰ ਸਿੰਘ ਗੋਗੀ, ਮੋਤੀ ਸਿੰਘ, ਗੁਰਦੀਪ ਸਿੰਘ ਸਰਾਉਂ ਮਾਨਾਂ, ਭਰਪੂਰ ਸਿੰਘ ਬੇਨੜਾ, ਕਰਨਜੀਤ ਸਿੰਘ ਸੋਹੀ, ਗੁਰਚੇਤਨ ਸਿੰਘ ਤੇਜੀ, ਰਜਿੰਦਰ ਸਿੰਘ ਨਿੱਕਾ ਜਿਉਲਰਜ ਨੇ ਕਿਹਾ ਪੰਜਾਬ ਪੁਲਿਸ ਦੇ ਉੱਚ ਅਧਿਕਾਰੀਆਂ ਨੇ ਢੁਕਵੇ ਸਮੇਂ ਤੇ ਸਹੀ ਫੈਸਲਾ ਲਿਆ ਹੈ। ਉਨ੍ਹਾਂ ਕਿਹਾ ਰਾਜਵਿੰਦਰ ਸਿੰਘ ਮੀਮਸਾ ਪੰਜਾਬ ਪੁਲਿਸ ਵਿੱਚ ਲੰਮੇ ਸਮੇਂ ਤੋਂ ਮਿਹਨਤ ਤੇ ਇਮਾਨਦਾਰੀ ਨਾਲ ਸੇਵਾ ਕਰਦੇ ਆ ਰਹੇ ਹਨ।



ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਯਾਦਗਾਰੀ ਹੋ ਨਿਬੜਿਆ ਗੁਰਦੁਆਰਾ ਸ੍ਰੀ ਹਰਗੋਬਿੰਦਸਰ ਸਾਹਿਬ ਪਿੰਡ ਲੰਗੇਆਣਾ ਕਲਾਂ ਵਿਖੇ ਸੰਤਾਂ ਮਹਾਂਪੁਰਖਾਂ ਦੀ ਬਰਸੀ ਸਮਾਗਮ ਅਤੇ**

# ਸਲਾਨਾ ਗੁਰਮਤਿ ਸਮਾਗਮ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਨੇ ਲੁਆਈ ਹਾਜ਼ਰੀ—ਸੰਗਤਾਂ ਦਾ ਆਇਆ ਹੜ



**ਫ਼ਿਰੋਜ਼ਪੁਰ, 30 ਨਵੰਬਰ (ਮਨੋਹਰ ਲਾਲ) :—** ਗੁਰਦੁਆਰਾ ਸ੍ਰੀ ਹਰਗੋਬਿੰਦਸਰ ਸਾਹਿਬ ਪਿੰਡ ਲੰਗੇਆਣਾ ਕਲਾਂ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਸੇਵਕ ਭਾਈ ਮਰਦਾਨਾ ਜੀ ਦੇ 491ਵੇਂ ਸੱਚਖੰਡ ਗਮਨ ਦਿਹਾੜੇ ਨੂੰ ਸਮਰਪਿਤ ਅਤੇ ਸੱਚਖੰਡ ਵਾਸੀ ਸੰਤ ਬਾਬਾ ਪ੍ਰਤਾਪ ਸਿੰਘ ਜੀ ਦੀ ਸਤਵੀਂ ਬਰਸੀ ਅਤੇ ਗੁਰਮੁੱਖ ਪਿਆਰੇ ਭਾਈ ਵੀਰ ਸਿੰਘ ਜੀ ਦੀ 20ਵੀਂ ਬਰਸੀ ਦੇ ਸਬੰਧ ਵਿਚ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਮੂਹ ਇਲਾਕਾ ਨਿਵਾਸੀਆਂ, ਸਾਧ ਸੰਗਤ ਪਿੰਡ ਲੰਗੇਆਣਾ ਕਲਾਂ ਦੀ ਸਾਧ ਸੰਗਤ ਐਨ.ਆਰ.ਆਈ ਪਿੰਡ ਲੰਗੇਆਣਾ ਕਲਾਂ ਦੇ ਸਹਿਯੋਗ ਨਾਲ ਇਹ ਸਲਾਨਾ ਗੁਰਮਤਿ ਸਮਾਗਮ ਜ਼ੋ ਕਿ 23 ਨਵੰਬਰ ਤੋਂ 30 ਨਵੰਬਰ ਤੱਕ ਕਰਵਾਏ ਗਏ, ਜਿਸ ਵਿਚ ਹਰ ਰੋਜ਼ ਰਾਤ 7 ਵਜੇ ਤੋਂ 8:30 ਵਜੇ ਤੱਕ ਸਿੱਖ ਪੰਥ ਦੇ ਮਹਾਨ ਕਥਾਵਾਚਕ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਐਡੀਸ਼ਨਲ ਹੈਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਜੀ ਨੇ ਹਾਜ਼ਰੀ ਭਰੀ। ਇਸ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਰਾਗੀ ਜਥਿਆਂ ਨੇ ਆਪਣੀ ਹਾਜ਼ਰੀ ਲੁਆਈ। ਇਸ ਮੌਕੇ ਤੇ ਅੱਜ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਨੇ ਆਪਣੀ ਹਾਜ਼ਰੀ ਲੁਆਈ। ਇਸ ਸਮਾਗਮ ਵਿਚ ਵਿਸ਼ੇਸ਼ ਤੌਰ ਤੇ ਸਿੰਘ ਸਾਹਿਬ ਭਾਈ ਜ਼ਸਵੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅਤੇ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ ਤੋਂ ਇਲਾਵਾ ਪ੍ਰਸਿੱਧ ਵਿਦਵਾਨ ਬਾਬਾ ਬੰਤਾ ਸਿੰਘ ਮੁੰਡਾ ਪਿੰਡ, ਬਾਬਾ ਅਵਤਾਰ ਸਿੰਘ ਸਾਧਾਂ ਵਾਲੇ ਵਿਸ਼ੇਸ਼ ਤੌਰ ਤੇ ਪਹੁੰਚ ਕੇ ਆਪਣੀ ਹਾਜ਼ਰੀ ਲੁਆਈ। ਇਸ ਮੌਕੇ ਤੇ ਸਿੰਘ ਸਾਹਿਬ ਭਾਈ ਜ਼ਸਵੀਰ ਸਿੰਘ ਖਾਲਸਾ ਰੋਡੇ ਨੇ ਕਥਾ ਕਰਦਿਆਂ ਆਖਿਆ ਕਿ ਜਿਹੜੇ ਗੁਰੂ ਕੇ ਪਿਆਰੇ ਸੰਤ ਮਹਾਂਪੁਰਸ਼ਾਂ ਦੀ ਸੰਗਤ ਵਿਚ ਰਹਿੰਦੇ ਹਨ, ਉਨ੍ਹਾਂ ਨੂੰ ਗੁਰੂ ਸਾਹਿਬ ਆਪਣੇ ਚਰਨਾਂ ਵਿਚ ਲਾ ਲੈਂਦੇ ਹਨ। ਉਨ੍ਹਾਂ ਸੰਤ ਬਾਬਾ ਪ੍ਰਤਾਪ ਸਿੰਘ ਜੀ ਅਤੇ ਗੁਰਮੁੱਖ ਪਿਆਰੇ ਭਾਈ ਵੀਰ ਸਿੰਘ ਜੀ ਜਿਹੜੇ ਕਿ ਕਹਿਣੀ ਅਤੇ ਕਰਨੀ ਦੇ ਪੱਕੇ ਸੀ, ਉਨ੍ਹਾਂ ਸੰਤਾਂ ਨਾਲ ਸੰਗਤ ਗਈ ਅਤੇ ਕਮਾਈ ਵਾਲੇ ਸਾਧੂ ਸਨ, ਜਿਨ੍ਹਾਂ ਦੀ ਅੱਜ ਅਸੀਂ ਸੰਤ ਬਾਬਾ ਪ੍ਰਤਾਪ ਸਿੰਘ ਜੀ ਦੀ ਸਤਵੀਂ ਬਰਸੀ ਅਤੇ ਗੁਰਮੁੱਖ ਪਿਆਰੇ ਭਾਈ ਵੀਰ ਸਿੰਘ ਜੀ ਦੀ 20ਵੀਂ ਬਰਸੀ ਮਨਾ ਰਹੇ ਹਾਂ ਅਤੇ ਭਾਰੀ ਗਿਣਤੀ ਵਿਚ ਸੰਗਤ ਦਾ ਇਕੱਠ ਵੇਖ ਕੇ ਖੁਸ਼ੀ ਮਿਲੀ ਹੈ। ਇਸ ਮੌਕੇ ਤੇ ਗੁਰਦੁਆਰਾ ਸ੍ਰੀ ਹਰਗੋਬਿੰਦਸਰ ਸਾਹਿਬ ਪਿੰਡ ਲੰਗੇਆਣਾ ਕਲਾਂ ਦੇ ਮੁੱਖ ਸੇਵਾਦਾਰ ਬਾਬਾ ਸਾਧੂ ਸਿੰਘ ਜੀ ਨੇ ਆਏ ਹੋਏ ਮਹਾਂਪੁਰਸ਼ਾਂ ਦਾ ਅਤੇ ਭਾਰੀ ਗਿਣਤੀ ਵਿਚ ਆਈ ਸੰਗਤ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਤੇ ਸਮੂਹ ਆਏ ਹੋਏ ਸੰਤਾਂ, ਮਹਾਂਪੁਰਸ਼ਾਂ ਅਤੇ ਉੱਘੀਆਂ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਬਾਬਾ ਸਾਧੂ ਸਿੰਘ ਜੀ, ਬਾਬਾ ਗੁਰਦਿਆਲ ਸਿੰਘ ਜੀ ਹੈਡ ਗ੍ਰੰਥੀ ਗੁਰਦੁਆਰਾ ਸ੍ਰੀ ਹਰਗੋਬਿੰਦਸਰ ਸਾਹਿਬ ਪਿੰਡ ਲੰਗੇਆਣਾ ਕਲਾਂ, ਗਿਆਨੀ ਬਲਵਿੰਦਰ ਸਿੰਘ ਖਾਲਸਾ ਹੈਡ ਗ੍ਰੰਥੀ ਗੁਰਦੁਆਰਾ ਜਨਮ ਅਸਥਾਨ ਰੋਡੇ, ਭਾਈ ਰਣਜੀਤ ਸਿੰਘ, ਜਥੇਦਾਰ ਮਨਦੀਪ ਸਿੰਘ ਮੈਡੀਕਲ ਕਾਲਜ, ਕੁਲਵਿੰਦਰ ਸਿੰਘ ਕਿੰਦਰ, ਮਨਜਿੰਦਰ ਸਿੰਘ, ਗੁਰਮੀਤ ਸਿੰਘ, ਜ਼ਸਪ੍ਰੀਤ ਸਿੰਘ, ਕਰਮ ਸਿੰਘ ਅਖਾੜਾ ਇੰਦਰਜੀਤ ਸਿੰਘ, ਸਰਬਜੀਤ ਸਿੰਘ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਹਸਤੀਆਂ ਹਾਜ਼ਰ ਸਨ। ਸਟੇਜ਼ ਦੀ ਸੇਵਾ ਗਿਆਨੀ ਬਲਵਿੰਦਰ ਸਿੰਘ ਹੈਡ ਗ੍ਰੰਥੀ ਖਾਲਸਾ ਹੈਡ ਗ੍ਰੰਥੀ ਗੁਰਦੁਆਰਾ ਜਨਮ ਅਸਥਾਨ ਰੋਡੇ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਕਰਵਾਏ ਹੈਂਡਬਾਲ ਮੁਕਾਬਲੇ

**ਫ਼ਿਰੋਜ਼ਪੁਰ, 30 ਨਵੰਬਰ (ਮਨੋਹਰ ਲਾਲ) :—** ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ: ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ। ਸਕੂਲ ਵਿਚ 28.11.24 ਨੂੰ ਲੜਕਿਆਂ ਦਾ ਅੰਤਰ ਹਾਊਸ ਹੈਂਡਬਾਲ ਮੈਚ ਕਰਵਾਇਆ ਗਿਆ, ਇਸ ਮੈਚ ਦੀਆਂ ਤਿਆਰੀਆਂ ਪਿਛਲੇ ਕਈ ਦਿਨਾਂ ਤੋਂ ਚੱਲ ਰਹੀਆਂ ਸਨ।ਮੁਕਾਬਲਿਆਂ ਦੌਰਾਨ ਸੈਮੀਫਾਈਨਲ ਚ ਆਰਕੀਮੀਡੀਜ਼ ਅਤੇ ਆਈਨਸਟਾਈਨ ਹਾਊਸ ਦੀਆਂ ਟੀਮਾਂ ਵਿਚਕਾਰ ਮੈਚ ਹੋਇਆ, ਜੋ ਗੈਲੀਲੀਓ ਅਤੇ ਨਿਊਟਨ ਦੀਆਂ ਟੀਮਾਂ ਨੂੰ ਹਰਾਕੇ ਫਾਈਨਲ ਚ ਪਹੁੰਚੀਆਂ ਅਤੇ ਦੋਵਾਂ ਟੀਮਾਂ ਵਿਚਾਲੇ ਜ਼ਬਰਦਸਤ ਖੇਡ ਮੁਕਾਬਲਾ ਹੋਇਆ, ਇਸ ਦੌਰਾਨ ਟੀਮ ਆਰਕੀਮੀਡੀਜ਼ ਵੱਡੇ ਅੰਕਾਂ ਨਾਲ ਇਸ ਮੈਚ ਦੀ ਜੇਤੂ ਬਣੀ। ਜੇਤੂ ਟੀਮ ਦੇ ਖਿਡਾਰੀਆਂ ਨੂੰ ਸਕੂਲ ਪ੍ਰਿੰਸੀਪਲ ਰੇਖਾ ਪਾਸੀ ਵੱਲੋਂ ਵਧਾਈ ਦਿੱਤੀ ਗਈ ਅਤੇ ਹੌਸਲਾ ਅਫਜਾਈ ਕੀਤੀ ਗਈ।ਉਨ੍ਹਾਂ ਸਮੂਹ ਵਿਦਿਆਰਥੀਆਂ ਨੂੰ ਸਰੀਰਕ ਅਤੇ ਮਾਨਸਿਕ ਤੌਰ ਤੇ ਮਜ਼ਬੂਤ ਕਰਨ ਵਾਲੀਆਂ ਅਜਿਹੀਆਂ ਖੇਡਾਂ ਚ ਭਾਗ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਇਸ ਜਿੱਤ ਲਈ ਡੀ.ਪੀ ਗੁਰਦੇਵ ਸਿੰਘ ਅਤੇ ਮੋਨੂੰ ਗਿੱਲ ਨੂੰ ਵੀ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਸਭ ਉਨ੍ਹਾਂ ਦੀ ਮਿਹਨਤ ਅਤੇ ਮਾਰਗਦਰਸ਼ਨ ਸਦਕਾ ਹੀ ਸੰਭਵ ਹੋ ਸਕਿਆ ਹੈ। ਸਕੂਲ ਪ੍ਰਬੰਧਕਾਂ ਨੇ ਬੱਚਿਆਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਉਨ੍ਹਾਂ ਨੂੰ ਵਧਾਈ ਦਿੱਤੀ।



## ਸੰਤ ਬਾਬਾ ਨਾਹਰ ਸਿੰਘ ਸਨੇਰਾਂ ਵਾਲਿਆਂ ਦੀ 17ਵੀਂ ਸਲਾਨਾ ਬਰਸੀ ਸਮਾਗਮ ਗੁਰਦੁਆਰਾ ਬਾਬੇ ਕੇ ਹੋਕਲੀ ਸੋਹੋ ਹਿੱਲ ਇੰਗਲੈਂਡ ਵਿਖੇ 26 ਨਵੰਬਰ ਤੋਂ ਇਕ ਦਸੰਬਰ ਤੱਕ ਚੱਲ ਰਹੇ ਹਨ, ਜਿਨ੍ਹਾਂ ਵਿਚ ਦੋ ਦਿਨ ਰਾਗੀ ਦੀਵਾਨਾਂ ਵਿਚ ਹਾਜ਼ਰੀ ਭਰੀ ਭਾਈ ਮਨਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ



**ਫ਼ਿਰੋਜ਼ਪੁਰ, 30 ਨਵੰਬਰ (ਮਨੋਹਰ ਲਾਲ) :—** ਸੰਤ ਬਾਬਾ ਨਾਹਰ ਸਿੰਘ ਜੀ ਸਨੇਰਾਂ ਵਾਲਿਆਂ ਦੀ 17ਵੀਂ ਸਲਾਨਾ ਬਰਸੀ ਸਮਾਗਮ ਗੁਰਦੁਆਰਾ ਬਾਬੇ ਕੇ ਹੋਕਲੀ ਸੋਹੋ ਹਿੱਲ ਇੰਗਲੈਂਡ ਵਿਖੇ 26 ਨਵੰਬਰ ਤੋਂ ਇਕ ਦਸੰਬਰ ਤੱਕ ਚੱਲ ਰਹੇ ਹਨ, ਜਿਨ੍ਹਾਂ ਵਿਚ ਦੋ ਦਿਨ ਰਾਤਰੀ ਦੀਵਾਨਾਂ ਵਿਚ ਭਾਈ ਮਨਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਤ ਮਹਾਂਪੁਰਸ਼ਾਂ ਨੇ ਆਪਣੀ ਹਾਜ਼ਰੀ ਭਰੀ। ਇਸ ਮੌਕੇ ਤੇ ਸੰਤ ਬਾਬਾ ਸੁਖਜੀਤ ਸਿੰਘ ਸੀਚੇਵਾਲ, ਸੰਤ ਬਾਬਾ ਹਰਜੀਤ ਸਿੰਘ ਮਹਿਤਾ ਚੌਂਕ ਵਾਲੇ, ਭਾਈ ਜ਼ਸ਼ਨਪ੍ਰੀਤ ਸਿੰਘ, ਭਾਈ ਨਿਰਮਲ ਸਿੰਘ ਰਬਾਬੀ ਨੇ ਵੀ ਹਾਜ਼ਰੀ ਭਰੀ। ਇਸ ਮੌਕੇ ਤੇ ਭਾਈ ਮਨਿੰਦਰ ਸਿੰਘ ਨੂੰ ਸਨਮਾਨਿਤ ਕੀਤਾ। ਸੰਤ ਬਾਬਾ ਸੁਖਜੀਤ ਸਿੰਘ ਸੀਚੇਵਾਲ ਨੇ ਇਸ ਮੌਕੇ ਤੇ ਜ਼ਸਵਿੰਦਰ ਸਿੰਘ ਕਾਲਾ ਯੂ.ਕੇ ਮਨਜੀਤ ਸਿੰਘ ਭੋਗਲ ਸੀਨੀਅ ਐਡਵੋਕੇਟ ਹਾਜ਼ਰ ਸਨ। ਇਸ ਮੌਕੇ ਤੇ ਸੁਖਮਿੰਦਰ ਸਿੰਘ ਸੁਖੀ ਰਾਗੀ, ਪਾਠੀ ਜੁਝਾਰ ਸਿੰਘ, ਹਰਪ੍ਰੀਤ ਸਿੰਘ ਜੱਡੂ, ਰਛਪਾਲ ਸਿੰਘ, ਹਰਪਾਲ ਸਿੰਘ, ਅਮਤੋਜ਼ ਸਿੰਘ ਸੱਗੂ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਗੁਰਮੀਤ ਸਿੰਘ ਸੈਂਭੀ, ਬਲਕਾਰ ਸਿੰਘ ਗੋਪੀ, ਅਮਰੀਕ ਸਿੰਘ ਮੀਤਾ, ਨਰਿੰਦਰ ਸਿੰਘ ਧੰਜਲ ਨੇ ਵੀ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਲੰਗਰ ਦੀ ਸੇਵਾ ਬੀਬੀ ਨਿੰਦਰ ਕੌਰ, ਬੀਬੀ ਜ਼ਸਬੀਰ ਕੌਰ, ਬੀਬੀ ਨਿਰੰਜਨ ਕੌਰ, ਬੀਬੀ ਨਗਿੰਦਰ ਕੌਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਬੀਬੀਆਂ ਨੇ ਨਿਭਾਈ। ਸਟੇਜ਼ ਦੀ ਸੇਵਾ ਜ਼ਸਵਿੰਦਰ ਸਿੰਘ ਕਾਲਾ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਪੰਜਾਬੀ ਦੇ 'ਮਾਸਟਰ ਟਰੇਨਰਜ਼' ਦੀ ਤਿੰਨ ਰੋਜ਼ਾ ਵਰਕਸ਼ਾਪ ਐੱਸਈਆਰਟੀ 'ਗੁਰੂਗ੍ਰਾਮ' ਵੱਲੋਂ ਹੋਈ ਸੰਪੰਨ



**ਨਵੀਂ ਦਿੱਲੀ 30 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-** ਐੱਸ.ਸੀ.ਈ.ਆਰ.ਟੀ. ਗੁਰੂਗ੍ਰਾਮ ਹਰਿਆਣਾ ਵੱਲੋਂ ਹਰਿਆਣੇ ਦੇ ਸਾਰੇ ਜ਼ਿਲ੍ਹਿਆਂ ਤੋਂ 27 ਦੇ ਕਰੀਬ ਆਏ ਹੋਏ ਪੰਜਾਬੀ ਵਿਸ਼ੇ ਦੇ ਚੋਣਵੇਂ ਮਾਸਟਰ ਟਰੇਨਰਜ਼ (ਪੀ.ਜੀ.ਟੀ) ਦੀ ਤਿੰਨ ਰੋਜ਼ਾ ਵਰਕਸ਼ਾਪ ਦੀ ਸਮਾਪਤੀ ਐੱਸ.ਸੀ.ਈ.ਆਰ.ਟੀ. ਦੇ ਹੈਡਕੁਆਰਟਰ ਵਿਖੇ ਹੋਈ। ਵਰਕਸ਼ਾਪ ਦੇ ਉਦਘਾਟਨੀ ਸਮਾਗਮ ਵਿੱਚ ਐੱਸ.ਸੀ.ਈ.ਆਰ.ਟੀ. ਦੇ ਡਿਪਟੀ ਡਾਇਰੈਕਟਰ ਵੀਰੇਂਦੇਰ ਸਿੰਘ ਨਾਹਰਾ ਨੇ ਅਧਿਆਪਕਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਇਥੋਂ ਦੀ ਸਿਖਲਾਈ ਪ੍ਰਾਪਤ ਮਾਸਟਰ ਟਰੇਨਰਜ਼ ਆਪਣੇ-ਆਪਣੇ ਜ਼ਿਲ੍ਹਿਆਂ ਵਿੱਚ ਪ੍ਰਾਅਧਿਆਪਕਾਂ ਨੂੰ ਪੰਜਾਬੀ ਵਿਸ਼ੇ ਸੰਬੰਧੀ ਜਾਣਕਾਰੀ ਦੇਣ ਦਾ ਉਪਰਾਲਾ ਕਰਨਗੇ ਤਾਂ ਕਿ ਉਹ ਆਪਣੀ ਜਮਾਤਾਂ ਵਿੱਚ ਵਿਦਿਆਰਥੀਆਂ ਨੂੰ ਪੰਜਾਬੀ ਵਿਸ਼ੇ ਨਾਲ ਸਹਿਜੇ ਢੰਗ ਨਾਲ ਹੀ ਜੋੜ ਸਕਣਗੇ। ਪ੍ਰੋਗਰਾਮ ਕੋਆਰਡੀਨੇਟਰ ਡਾ. ਸੁਨੀਤਾ ਯਾਦਵ ਅਨੁਸਾਰ ਭਾਰਤੀ ਭਾਸ਼ਾਵਾਂ ਸਾਨੂੰ ਆਪਸ ਵਿੱਚ ਜੋੜਨ ਦਾ ਕੰਮ ਕਰਦੀਆਂ ਹਨ। ਅਧਿਆਪਕ ਸਿੱਖਿਆ ਸਿਖਲਾਈ ਕੇਂਦਰ ਦੇ ਮੁਖੀ ਡਾ. ਮਧੂਪ ਕੁਮਾਰ ਅਨੁਸਾਰ ਐੱਸ.ਸੀ.ਈ.ਆਰ.ਟੀ. ਵੱਲੋਂ ਅਧਿਆਪਕਾਂ ਲਈ 'ਸਿਖਲਾਈ ਮਾਡਿਊਲ' ਵੀ ਤਿਆਰ ਕੀਤਾ ਗਿਆ ਹੈ ਜਿਸ ਵਿੱਚ ਰਾਸ਼ਟਰੀ ਸਿੱਖਿਆ ਨੀਤੀ 2020 ਅਤੇ ਐਨ.ਸੀ.ਐਫ 2023, ਦੂਜੀ ਭਾਸ਼ਾ ਸਿੱਖਿਆ ਹਰਿਆਣਾ ਦੇ ਸੰਦਰਭ ਵਿੱਚ, ਪੰਜਾਬੀ ਭਾਸ਼ਾ—ਜਨਮ, ਵਿਕਾਸ ਤੇ ਸੰਭਾਵਨਾਵਾਂ, ਸਾਹਿਤ ਦੇ ਰੂਪ, ਪਾਠ ਯੋਜਨਾ—ਉਦੇਸ਼ ਤੇ ਸੰਰਚਨਾ, ਕਵਿਤਾ, ਕਿੱਸਾ, ਵਾਰਤਕ, ਕਹਾਣੀ, ਇਕਾਂਗੀ, ਵਿਆਕਰਨ, ਲਿਖਣ ਕੌਸ਼ਲ, ਵਾਤਾਵਰਨ ਸਿੱਖਿਆ, ਲਾਇਬਰੇਰੀ ਦੀ ਵਰਤੋਂ ਬਾਰੇ ਵਿਦਵਾਨਾਂ ਵੱਲੋਂ ਪਾਠ ਤਿਆਰ ਕੀਤੇ ਗਏ ਹਨ।ਨਿਸ਼ਚਿਤ ਰੂਪ ਵਿੱਚ ਸਕੂਲੀ ਪੰਜਾਬੀ ਅਧਿਆਪਕਾਂ ਨੂੰ ਇਸ ਮਾਡਿਊਲ ਦਾ ਲਾਭ ਹੋਵੇਗਾ।ਮਾਸਟਰ ਟਰੇਨਰਜ਼ ਨੂੰ ਪੰਜਾਬੀ ਵਿਸ਼ੇ ਸੰਬੰਧੀ ਦੇਣ ਲਈ ਦਿੱਲੀ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਤੋਂ ਡਾ. ਨਛੱਤਰ ਸਿੰਘ ਵੱਲੋਂ 'ਪੰਜਾਬੀ ਵਿਆਕਰਨ', ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਡਾ. ਸੀ.ਪੀ.ਕੰਬੋਜ ਵੱਲੋਂ 'ਪੰਜਾਬੀ ਅਧਿਆਪਨ ਵਿੱਚ ਕੰਪਿਊਟਰ ਦੀ ਵਰਤੋਂ' ਤੇ ਸੀਬੀਐਸਈ ਦੀ ਪੰਜਾਬੀ ਪਾਠਕ੍ਰਮ ਕਮੇਟੀ ਦੇ ਮੈਂਬਰ ਤੇ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਲੋਨੀ ਰੋਡ ਸ਼ਾਹਦਰਾ ਦੇ ਪੰਜਾਬੀ ਵਿਭਾਗ ਮੁਖੀ ਸ. ਪ੍ਰਕਾਸ਼ ਸਿੰਘ ਗਿੱਲ ਵੱਲੋਂ 'ਪੰਜਾਬੀ ਵਿਸ਼ੇ ਦੀ ਮਹੱਤਤਾ ਤੇ ਰੋਜ਼ਗਾਰ' ਬਾਰੇ ਸ਼ਾਮਲ ਮਾਸਟਰ ਟਰੇਨਰਜ਼ ਨੂੰ ਪੀਪੀਟੀ ਰਾਹੀਂ ਵਿਸਤਾਰ ਸਹਿਤ ਜਾਣਕਾਰੀ ਦਿੱਤੀ। ਪ੍ਰੋਗਰਾਮ ਵਿੱਚ ਹਾਜ਼ਰ ਪ੍ਰਾਅਧਿਆਪਕਾਂ ਨੂੰ ਪੰਜਾਬੀ ਵਿਸ਼ਾ ਸਟੇਟ ਕੋਆਰਡੀਨੇਟਰ ਡਾ. ਕਰਨੈਲ ਚੰਦ ਬੈਂਸ, ਡਾ. ਮਹਿੰਦਰ ਕੁਮਾਰ ਡਾ. ਰੇਖਾ ਰਾਣੀ. ਡਾ. ਗੁਰਦੀਪ ਸਿੰਘ, ਗੁਰਦੀਪ ਸਿੰਘ ਅਤੇ ਹੋਰ ਵਿਦਵਾਨਾਂ ਵੱਲੋਂ ਆਪਣੇ ਵਿਚਾਰਾਂ ਦੀ ਸਾਂਝ ਪਾਈ ਗਈ। ਅਧਿਆਪਕਾਂ ਵੱਲੋਂ ਆਏ ਹੋਏ ਵਿਸ਼ਾ ਮਾਹਿਰਾਂ ਤੋਂ ਆਪਣੇ ਸ਼ੰਕਿਆਂ ਦਾ ਨਿਵਾਰਣ ਕੀਤਾ ਗਿਆ ਤੇ ਉਮੀਦ ਜ਼ਾਹਿਰ ਕੀਤੀ ਕਿ ਐੱਸ.ਸੀ.ਈ.ਆਰ.ਟੀ. ਆਉਣ ਵਾਲੇ ਸਮੇਂ ਦੌਰਾਨ ਇਸੇ ਤਰ੍ਹਾਂ ਹੀ ਪੰਜਾਬੀ ਵਿਸ਼ੇ ਦੇ ਅਧਿਆਪਕਾਂ ਦੀ ਟਰੇਨਿੰਗ ਦੇ ਪ੍ਰੋਗਰਾਮ ਕਰਾਏ ਜਾਣਗੇ।

**ਮਾਮਲਾ ਜੂਨ 1984 ਵਿਚ ਭਾਰਤੀ ਫੌਜ ਵਲੋਂ ਗੁਰਦੁਆਰਿਆਂ ਉਪਰ ਕੀਤੇ ਹਮਲਿਆਂ ਵਿੱਚ ਯੂਕੇ ਦੀ ਭੂਮਿਕਾ ਬਾਰੇ**


# ਯੂਕੇ ਬਰਮਿੰਘਮ ਸਿਟੀ ਕੌਂਸਲ ਦੇ ਨੇਤਾਵਾਂ ਨੇ ਜੱਜ ਦੀ ਅਗਵਾਈ ਵਿੱਚ ਜਾਂਚ ਲਈ ਡਿਪਟੀ ਪ੍ਰਧਾਨ ਮੰਤਰੀ ਯੂਕੇ ਨੂੰ ਲਿਖਿਆ ਪੱਤਰ

**ਨਵੀਂ ਦਿੱਲੀ, 30 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-** ਬਰਮਿੰਘਮ ਸਿਟੀ ਕੌਂਸਲ ਦੇ ਆਗੂ, ਕੌਂਸਲਰ ਜੌਹਨ ਕਾਟਨ ਨੇ ਯੂਕੇ ਦੇ ਉਪ ਪ੍ਰਧਾਨ ਮੰਤਰੀ ਨੂੰ ਪੱਤਰ

ਆਵਾਜ਼ਿ ਕੌਮ AWAZE QAUM International Newspaper & WEB TV

ਲਿਖ ਕੇ ਜੂਨ 1984 ਵਿੱਚ ਪੰਜਾਬ ਅਤੇ ਭਾਰਤ ਦੇ ਵੱਖ ਵੱਖ ਰਾਜਾਂ ਵਿੱਚ ਸਿੱਖ ਗੁਰਦੁਆਰਿਆਂ ਉੱਤੇ ਭਾਰਤੀ ਫੌਜ ਦੇ ਹਮਲੇ ਵਿੱਚ ਯੂਕੇ ਦੀ ਸ਼ਮੂਲੀਅਤ ਬਾਰੇ ਜੱਜ ਦੀ ਅਗਵਾਈ ਵਾਲੀ ਜਨਤਕ ਜਾਂਚ ਜਿੰਨੀ ਜਲਦੀ ਹੋ ਸਕੇ ਸ਼ੁਰੂ ਕਰਣ ਦੀ ਮੰਗ ਕੀਤੀ ਹੈ। ਉਸਨੇ ਕਿਹਾ ਹੈ ਕਿ ਸਾਕਾ ਨੀਲਾ ਤਾਰਾ ਵਿੱਚ ਬ੍ਰਿਟਿਸ਼ ਦੀ ਸ਼ਮੂਲੀਅਤ ਬਾਰੇ ਕਿਸੇ ਵੀ ਜਾਂਚ ਨੂੰ ਇੱਕ ਵਿਆਪਕ ਪਹੁੰਚ ਅਪਣਾਉਣੀ ਚਾਹੀਦੀ ਹੈ, ਅਤੇ ਅਗਲੇ ਦਹਾਕੇ ਦੀਆਂ ਘਟਨਾਵਾਂ 'ਤੇ ਵਿਚਾਰ ਕਰਨਾ ਚਾਹੀਦਾ ਹੈ।

ਇਹ ਡਰਬੀ ਸਿਟੀ ਕੌਂਸਲ ਦੁਆਰਾ 18 ਸਤੰਬਰ 2024 ਨੂੰ ਪਾਸ ਕੀਤੇ ਗਏ ਮਤੇ ਅਤੇ ਡਰਬੀ ਸਿਟੀ ਕੌਂਸਲ ਲਈ ਲੇਬਰ ਲੀਡਰ, ਨਦੀਨ ਪੀਟਫੀਲਡ ਦੁਆਰਾ 10 ਅਕਤੂਬਰ ਨੂੰ ਉਪ ਪ੍ਰਧਾਨ ਮੰਤਰੀ ਨੂੰ ਭੇਜੇ ਗਏ ਇੱਕ ਪੱਤਰ ਤੋਂ ਬਾਅਦ ਹੈ। ਬਰਤਾਨਵੀ ਸਰਕਾਰ ਦੁਆਰਾ ਜੂਨ 1984 ਵਿੱਚ ਨਿਭਾਈ ਗਈ ਇਤਿਹਾਸਕ ਭੂਮਿਕਾ ਬਾਰੇ ਸੱਚਾਈ ਪ੍ਰਦਾਨ ਕਰਨ ਦਾ ਸਭ ਤੋਂ ਵਧੀਆ ਤਰੀਕਾ ਇੱਕ ਜੱਜ ਦੀ ਅਗਵਾਈ ਵਿੱਚ ਜਨਤਕ ਜਾਂਚ ਹੈ। ਪੱਤਰ ਨੇ ਇਹ ਦੱਸਦੇ ਹੋਏ ਜਾਰੀ ਰੱਖਿਆ ਮੈਨੂੰ ਤੁਹਾਨੂੰ ਇੱਕ ਸਮਾਂ-ਸੀਮਾ ਦੀ ਬੇਨਤੀ ਕਰਨ ਲਈ ਲਿਖਣ ਲਈ ਕਿਹਾ ਗਿਆ ਹੈ ਕਿ ਇਹਨਾਂ ਹਮਲਿਆਂ ਵਿੱਚ ਬ੍ਰਿਟੇਨ ਦੀ ਭੂਮਿਕਾ ਬਾਰੇ ਵਾਅਦਾ ਕੀਤੀ ਗਈ ਜਾਂਚ ਕਦੋਂ ਹੋਵੇਗੀ।


Councillor John Cotton
Leader of Birmingham City Council
Council House
Victoria Square
Birmingham B1 1BB
Telephone: 0121 464 4000
E-mail: john.cotton@birmingham.gov.uk

Our ref: JC/1896tr

29 November 2024

**SENT VIA E-MAIL ONLY TO:** angela.rayner.mp@parliament.uk

Dear Deputy Prime Minister

**Re: Inquiry into the raid on the Golden Temple**

This year marks 40 years since the Amritsar massacre in India which saw the Indian army storm the Golden Temple, resulting in the deaths of hundreds of civilians, and the destruction of important Sikh artefacts and historical manuscripts.

I write to you on behalf of the Sikh population of Birmingham, to affirm our city's support for an inquiry into the British involvement in that raid, and to encourage you to set up such an inquiry as soon as is practicable.

Operation Blue Star was not, however, a standalone event. The events of June 1984 catalysed widespread violence against the Sikh community, including torture, enforced disappearances and extrajudicial execution, among other human rights violations. Many within the Sikh community believe that these actions amounted to a genocide, and that the government at the time carried out a campaign to persecute Sikhs across the country, with the aim of eliminating the Sikh population.

Birmingham has been home to a thriving Sikh community for more than 65 years, with Sikhs making a rich contribution to the social, cultural and economic vibrancy of the City of Birmingham. The Sikh community still carries the trauma of this time, and there is widespread anger at the lack of accountability for the events that took place in India during the period of 1984 to 1995.

Any inquiry into British involvement into Operation Blue Star should take a wider approach, and consider the events of the following decade, so that Sikhs here in Birmingham, the wider UK, and around the world, can have greater acknowledgement of the violence that was carried out against their people.

Yours sincerely

Councillor John Cotton
Leader of Birmingham City Council

ਸਿੱਖ ਫੈਡਰੇਸ਼ਨ ਯੂਕੇ ਦੁਆਰਾ ਇੱਕ ਪ੍ਰੈਸ ਰਿਲੀਜ਼ ਵਿੱਚ ਕਿਹਾ ਗਿਆ ਹੈ ਕਿ ਅਸੀਂ ਡਰਬੀ ਲਈ ਕੌਂਸਲ ਲੀਡਰ ਨਾਲ ਗੱਲ ਕੀਤੀ ਅਤੇ ਉਸਨੇ ਸਾਨੂੰ ਇਸ ਹਫਤੇ ਦੇ ਸ਼ੁਰੂ ਵਿੱਚ ਦੱਸਿਆ ਕਿ ਉਸਨੂੰ ਅਜੇ ਵੀ ਉਪ ਪ੍ਰਧਾਨ ਮੰਤਰੀ ਤੋਂ ਕੋਈ ਜਵਾਬ ਨਹੀਂ ਮਿਲਿਆ ਹੈ। ਹੁਣ ਉਸ ਨੂੰ ਉਪ ਪ੍ਰਧਾਨ ਮੰਤਰੀ ਨੂੰ ਪੱਤਰ ਲਿਖੇ 7 ਹਫ਼ਤੇ ਤੋਂ ਵੱਧ ਹੋ ਗਏ ਹਨ। ਸਿੱਖ ਫੈਡਰੇਸ਼ਨ ਦੇ ਪ੍ਰਮੁੱਖ ਕਾਰਜਕਾਰੀ ਦਬਿੰਦਰਜੀਤ ਸਿੰਘ ਨੇ ਦਸਿਆ ਕਿ ਅਸੀਂ 23 ਸਤੰਬਰ ਨੂੰ ਜੱਜ ਦੀ ਅਗਵਾਈ ਵਾਲੀ ਜਨਤਕ ਜਾਂਚ ਬਾਰੇ ਡੇਵਿਡ ਲੈਮੀ ਨੂੰ ਲਿਖਿਆ ਕਿ ਇਹ 40ਵੀਂ ਵਰ੍ਹੇਗੰਢ ਦੇ ਸਾਲ ਵਿੱਚ ਸ਼ੁਰੂ ਹੋਣੀ ਚਾਹੀਦੀ ਹੈ। ਕਿਉਂਕਿ ਸਾਨੂੰ ਕੋਈ ਜਵਾਬ ਨਹੀਂ ਮਿਲਿਆ, ਅਸੀਂ 31 ਅਕਤੂਬਰ ਨੂੰ ਇੱਕ ਹੋਰ ਪੱਤਰ ਦੇ ਨਾਲ ਇਸ ਦੀ ਪਾਲਣਾ ਕੀਤੀ ਅਤੇ ਉਸਨੂੰ ਯਾਦ ਦਿਵਾਇਆ ਕਿ ਜੱਜ ਦੀ ਅਗਵਾਈ ਵਾਲੀ ਜਾਂਚ ਨੂੰ ਵੀ ਮਾਰਗਰੇਟ ਥੈਚਰ (1979-1990) ਦੇ ਅਧੀਨ ਯੂਕੇ ਵਿੱਚ ਸਿੱਖ ਵਿਰੋਧੀ ਕਦਮਾਂ ਨੂੰ ਵੇਖਣਾ ਚਾਹੀਦਾ ਹੈ ਜਿਸਦਾ ਅੱਜ ਬਰਮਿੰਘਮ ਸਿਟੀ ਕੌਂਸਲ ਦੇ ਨੇਤਾ ਦੁਆਰਾ ਸਮਰਥਨ ਕੀਤਾ ਗਿਆ ਹੈ।

**ਕਿਸਾਨ ਅੰਦੋਲਨਕਾਰੀ ਆਗੂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਤੇ 6 ਦਸੰਬਰ ਨੂੰ**

# ਦਿੱਲੀ ਨੂੰ ਕੂਚ ਕਰਨ ਵਾਲੇ ਫੈਸਲੇ 'ਤੇ ਮੁੜ ਵਿਚਾਰ ਕਰਨ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ, 30 ਨਵੰਬਰ ( ਕੁਲਵੰਤ ਸਿੰਘ ਵਿਰਦੀ)**-ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਪੰਜਾਬ ਦੇ ਸੰਘਰਸ਼ਸ਼ੀਲ ਕਿਸਾਨ ਆਗੂਆਂ ਦੀਆਂ ਸਾਰੀਆਂ ਹੱਕੀ ਮੰਗਾਂ ਅਤੇ ਰੋਸ਼ ਪ੍ਰਦਰਸਨਾਂ ਦੀ ਪੁਰਜ਼ੋਰ ਸ਼ਬਦਾਂ'ਚ ਹਮਾਇਤ ਕਰਦੀ ਹੈ,ਪਰ 6 ਦਸੰਬਰ ਨੂੰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਵਾਲੇ ਦਿਨ ਕਿਸਾਨਾਂ ਵੱਲੋਂ ਦਿੱਲੀ ਵੱਲ ਮਾਰਚ ਕਰਨ ਵਾਲੇ ਦਿੱਤੇ ਪ੍ਰੋਗਰਾਮ ਦੀ ਬਿਲਕੁਲ ਹਮਾਇਤ ਨਹੀਂ ਕਰਦੀ ? ਕਿਉਂਕਿ ਇਸ ਦਿਨ ਹਿੰਦੂ ਧਰਮ ਦੀ ਚਾਦਰ ਬਣਕੇ ਦਿੱਲੀ ਵਿਖੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਆਪਣਾ ਸੀਸ ਬਲੀਦਾਨ ਕੀਤਾ ਸੀ ਅਤੇ ਇਸ ਦਿਨ ਜਿਥੇ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਵੱਲੋਂ ਵੱਡੇ ਵੱਡੇ ਗੁਰਮਤਿ ਸਮਾਗਮ ਕਰਕੇ ਗੁਰੂ ਸਾਹਿਬ ਜੀ ਦੀ ਕੁਰਬਾਨੀ ਨੂੰ ਯਾਦ ਕੀਤਾ ਰਿਹਾ ਹੈ, ਉਥੇ ਇਸ ਦਿਨ ਦਿੱਲੀ ਦੇ ਸਮੂਹ ਗੁਰਦੁਆਰਿਆਂ ਵਿੱਚ ਲੱਖਾਂ ਸੰਗਤਾਂ ਵੱਲੋਂ ਸਿੱਖ ਧਰਮ ਦੇ ਨੌਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਬਹੁਤ ਹੀ ਸ਼ਰਧਾ ਭਾਵਨਾਵਾਂ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ, ਇਥੇ ਹੀ ਬਸ ਨਹੀਂ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸਹਾਦਤੀ ਸੀਸ ਨੂੰ ਦਿੱਲੀ ਤੋਂ ਪੈਦਲ ਚੱਲ ਕੇ ਅਨੰਦਪੁਰ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੂੰ ਭੇਟ ਕਰਕੇ (ਰੰਘਰੇਟੇ ਗੁਰ ਕੇ ਬੇਟੇ) ਦਾ ਵਰਦਾਨ ਪ੍ਰਾਪਤ ਕਰਨ ਵਾਲੇ ਸ਼੍ਰੋਮਣੀ ਬਹਾਦਰ ਜਰਨੈਲ ਸ਼ਹੀਦ ਬਾਬਾ ਜੀਵਨ ਸਿੰਘ ਜੀ ਦਾ ਸਲਾਨਾ ਸੀਸ ਭੇਟ ਨਗਰ ਕੀਰਤਨ ਰੰਘਰੇਟਾ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ 6 ਦਸੰਬਰ ਤੋਂ 10 ਦਸੰਬਰ ਤੱਕ ਇੱਕ ਵਿਸ਼ਾਲ ਸੀਸ ਭੇਟ ਨਗਰ ਕੀਰਤਨ ਦਿੱਲੀ ਦੇ ਸੀਸ ਗੰਜ ਗੁਰਦੁਆਰਾ ਸਾਹਿਬ ਤੋਂ ਸਜਾਇਆ ਜਾ ਰਿਹਾ ਹੈ, ਜਿਸ ਨੂੰ ਮੁੱਖ ਰੱਖਦਿਆਂ ਪੰਜਾਬ ਸਰਕਾਰ ਨੇ 6 ਦਸੰਬਰ ਨੂੰ ਛੁੱਟੀ ਦਾ ਐਲਾਨ ਕੀਤਾ ਹੋਇਆ ਹੈ, ਇਹ ਨਗਰ ਕੀਰਤਨ 10 ਦਸੰਬਰ ਨੂੰ ਅਨੰਦਪੁਰ ਸਾਹਿਬ ਵਿਖੇ ਪਹੁੰਚੇਗਾ ਅਤੇ ਕੀਰਤਪੁਰ ਸਾਹਿਬ ਤੋਂ ਸਵੇਰੇ ਇਸ ਨਗਰ ਕੀਰਤਨ ਨੂੰ ਰੋਪੜ ਜ਼ਿਲ੍ਹੇ ਐਸ ਐਸ ਪੀ ਗਾਰਡ ਔਫ ਔਨਰ ਦੀ ਸਲਾਮੀ ਦੇ ਕੇ ਅਨੰਦਪੁਰ ਸਾਹਿਬ ਨੂੰ ਰਵਾਨਾ ਕੀਤਾ ਜਾਵੇਗਾ,ਇਥੇ ਹੀ ਬੱਸ ਨਹੀਂ ਪੰਜਾਬ ਸਰਕਾਰ ਨੇ ਵੀ ਨੌਵੇਂ ਪਾਤਸ਼ਾਹ ਦੇ ਸ਼ਹੀਦੀ ਦਿਹਾੜੇ ਨੂੰ ਮੁੱਖ ਰੱਖਦਿਆਂ ਰਾਜ ਵਿੱਚ 6 ਦਸੰਬਰ ਨੂੰ ਸਰਕਾਰੀ ਛੁੱਟੀ ਦਾ ਐਲਾਨ ਕੀਤਾ ਹੋਇਆ ਹੈ ,ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਕਿਸਾਨੇ ਸਾਰੇ ਸੰਘਰਸ਼ ਅਤੇ ਮੰਗਾਂ ਦੀ ਪੂਰਨ ਹਮਾਇਤ ਅਤੇ ਸਰਕਾਰ ਤੋਂ ਮੰਗ ਵੀ ਕਰਦੀ ਹੈ ਕਿ ਕਿਸਾਨਾਂ ਦੀਆਂ ਵਾਜਬ ਤੇ ਹੱਕੀ ਮੰਗਾਂ ਜਲਦੀ ਪ੍ਰਵਾਨ ਕੀਤੀਆਂ ਜਾਣ, ਉਥੇ ਕਿਸਾਨ ਅੰਦੋਲਨ ਸੰਘਰਸ਼ੀ ਆਗੂਆਂ ਨੂੰ ਬੇਨਤੀ ਕਰਦੀ ਹੈ ਕਿ ਉਹ 6 ਦਸੰਬਰ ਨੂੰ ਦਿੱਲੀ ਕੂਚ ਕਰਨ ਵਾਲੇ ਫੈਸਲੇ ਤੇ ਮੁੜ ਵਿਚਾਰ ਕਰਨ ਦੀ ਲੋੜ ਤੇ ਜੋਰ ਦੇਣ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਕਿਸਾਨੀ ਸੰਘਰਸ਼ ਦੀ ਹਮਾਇਤ ਅਤੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ 6 ਦਸੰਬਰ ਨੂੰ ਦਿੱਲੀ ਮਾਰਚ ਕਰਨ ਵਾਲੇ ਫੈਸਲੇ ਤੇ ਮੁੜ ਵਿਚਾਰ ਕਰਨ ਦੀ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ,ਉਨ੍ਹਾਂ ਕਿਹਾ ਅਜਿਹਾ ਕਰਨ ਨਾਲ ਦਿੱਲੀ ਦੀਆਂ ਸੰਗਤਾਂ ਵੱਲੋਂ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਕਰਵਾਏ ਜਾ ਰਹੇ ਧਾਰਮਿਕ ਸਮਾਗਮ'ਚ ਵਿਗਨ ਪਵੇਗਾ, ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਕਿਸਾਨ ਦੀਆਂ ਸਾਰੀਆਂ ਮੰਗਾਂ ਤੇ ਸੰਘਰਸ਼ ਦੀ ਹਮਾਇਤ ਕਰਦੀ ਹੋਈ ਮੰਗ ਕਰਦੀ ਹੈ ਕਿ 6 ਦਸੰਬਰ ਨੂੰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਦਿੱਲੀ ਵੱਲ ਕੂਚ ਕਰਨ ਵਾਲੇ ਐਲਾਨ ਮੁੜ ਵਿਚਾਰ ਕੀਤਾ ਜਾਵੇਂ, ਇਥੇ ਇਹ ਗੱਲ ਵਰਨਣਯੋਗ ਹੈ ਕਿ ਕੱਲ੍ਹ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਹਸਪਤਾਲ ਤੋਂ ਛੁੱਟੀ ਮਿਲਣ ਤੋਂ ਬਾਅਦ ਬਾਰਡਰ ਤੇ ਮਰਨ ਵਰਤ ਰੱਖਣ ਦੀ ਪੁਸ਼ਟੀ ਕਰਦਿਆਂ ਸ੍ਵਣ ਸਿੰਘ ਪੰਧੇਰ ਨੇ ਕਿਹਾ ਸੀ ਕਿ 6 ਦਸੰਬਰ ਨੂੰ ਕਿਸਾਨਾ ਵੱਲੋ ਦਿੱਲੀ ਵੱਲ ਨੂੰ ਰੋਸ ਮਾਰਚ ਕੀਤਾ ਜਾਵੇਗਾ । ਇਸ ਮੌਕੇ ਤੇ ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਖਾਲਸਾ ਨਾਲ ਭਾਈ ਅਵਤਾਰ ਸਿੰਘ ਅੰਮ੍ਰਿਤਸਰ, ਭਾਈ ਜੋਗਿੰਦਰ ਸਿੰਘ ਅਤੇ ਭਾਈ ਜਗਤਾਰ ਸਿੰਘ ਫਿਰੋਜ਼ਪੁਰ ਭਾਈ ਸਿੰਦਾ ਸਿੰਘ ਨਿਹੰਗ ਤੇ ਪਿਰਥੀ ਸਿੰਘ ਧਾਲੀਵਾਲ ਧਰਮਕੋਟ ਭਾਈ ਮਨਜਿੰਦਰ ਸਿੰਘ ਖਾਲਸਾ ਤੇ ਭਾਈ ਸੁਰਜੀਤ ਸਿੰਘ ਕਮਾਲਕੇ, ਭਾਈ ਸੁਖਦੇਵ ਸਿੰਘ ਫ਼ੌਜੀ ਜਗਰਾਉਂ, ਭਾਈ ਦਿਲਬਾਗ ਸਿੰਘ ਬਾਗੀ ਗੁਰਦਾਸਪੁਰ ਭਾਈ ਬਲਵਿੰਦਰ ਸਿੰਘ ਖਡੂਰ ਸਾਹਿਬ ਆਦਿ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼ਹੀਦ ਊਧਮ ਸਿੰਘ ਦੀ ਆਦਮਕੱਦ ਬੁੱਤ ਦਾ 8 ਦਸੰਬਰ ਨੂੰ ਹੋਵੇਗਾ ਉਦਘਾਟਨ



**ਫ਼ਿਰੋਜ਼ਪੁਰ, 30 ਨਵੰਬਰ (ਮਨੋਹਰ ਲਾਲ) :—**ਸ੍ਰੋਮਣੀ ਸਹੀਦ ਉਧਮ ਸਿੰਘ ਦੇ ਆਦਮ ਕੱਦ ਬੁਤ ਦੇ ਉਦਘਾਟਨ ਸਮਾਰੋਹ ਨੂੰ ਲੇ ਕਿ ਸਾਡੇ ਪਿੰਡ ਗ੍ਰਾਮ ਪੰਚਾਇਤ ਮੱਲੂਵਾਲਾ ਵਿਚ ਮੀਟਿੰਗ ਉਲੀਕੀ ਗਈ ਜਿਸ ਦੀ ਪ੍ਰਧਾਨਗੀ ਭਗਵਾਨ ਸਿੰਘ ਸਾਮਾ ਨੂਰਪੁਰ ਸ਼ਹੀਦ ਉਧਮ ਸਿੰਘ ਮੈਮੋਰੀਅਲ ਕਮੇਟੀ ਪ੍ਰਧਾਨ ਨੇ ਕੀਤੀ। ਇਸ ਦੌਰਾਨ ਉਨ੍ਹਾਂ ਦੱਸਿਆ ਕਿ ਸ਼ਹੀਦਾਂ ਨੇ ਪੂਰੇ ਦੇਸ਼ ਲਈ ਕੁਰਬਾਨੀਆਂ ਦਿਤੀਆਂ ਹਨ ਅਤੇ ਸ਼ਹੀਦ ਸਾਰਿਆਂ ਕੌਮਾਂ ਦੇ ਸ਼ਹੀਦ ਹੁੰਦੇ ਹਨ, ਸਾਨੂੰ ਸਾਰਿਆ ਨੂੰ ਮਿਤੀ 8 ਦਸੰਬਰ 2024 ਨੂੰ ਹੋਣ ਵਾਲੀ ਸ਼ਹੀਦੀ ਸਮਾਰੋਹ ਵਿਚ ਹਾਜ਼ਰੀ ਲੁਆਉਣੀ ਚਾਹੀਦੀ ਹੈ ਤਾਂ ਜ਼ੋ ਅਸੀਂ ਆਪਣੇ ਸ਼ਹੀਦਾਂ ਨੂੰ ਸੱਚੀਆਂ ਸ਼ਰਧਾਂਜਲੀਆਂ ਅਰਪਿਤ ਕਰ ਸਕੀਏ। ਉਨ੍ਹਾਂ ਦੱਸਿਆ ਕਿ ਸ਼ਹੀਦ ਉਧਮ ਸਿੰਘ ਦੇ ਲਗਾਏ ਜਾ ਰਹੇ ਆਦਮਕੱਦ ਬੁੱਤ ਦਾ ਉਦਘਾਟਨ ਵੀ ਇਸੀ ਦਿਨ ਸਾਰੀਆਂ ਕੌਮਾਂ ਦੇ ਮਹਾਨ ਮਹਾਂਪੁਰਸ਼ਾਂ ਵੱਲੋਂ ਕਰਵਾਇਆ ਜਾ ਰਿਹਾ ਹੈ। ਇਸ ਦੌਰਾਨ ਗੁਰਮੀਤ ਸਿੰਘ ਕਬੋਜ ਸਰਪੰਚ, ਗੁਰਵਿੰਦਰ ਸਿੰਘ ਕੰਬੋਜ਼, ਬਚਿੱਤਰ ਸਿੰਘ ਕੰਬੋਜ਼, ਮਲਕੀਤ ਸਿੰਘ ਕਬੋਜ਼, ਪ੍ਰੀਤਮ ਸਿੰਘ ਕਬੋਜ਼, ਕਸਮੀਰ ਸਿੰਘ ਕਬੋਜ਼, ਜੱਗਾ ਸਿੰਘ ਕਬੋਜ ਪੰਚਾਇਤ ਮੈਂਬਰ ਅਵਤਾਰ ਸਿੰਘ ਕੰਬੋਜ਼, ਕੁਛਾਸ ਸਿੰਘ ਪੰਚਾਇਤ ਮੈਂਬਰ ਨੱਥਾ ਸਿੰਘ, ਲਖਵੀਰ ਸਿੰਘ ਕੰਬੋਜ਼, ਭਗਵਾਨ ਸਿੰਘ, ਬੇਅੰਤ ਸਿੰਘ, ਜਗੀਰ ਸਿੰਘ ਕੰਬੋਜ਼, ਜਸਵੰਤ ਸਿੰਘ, ਪਿਆਰਾ ਲਾਲ ਪ੍ਰਧਾਨ ਇਸਰ ਸਿੰਘ ਦੂਲਾ ਸਿੰਘ, ਕੁਲਵੰਤ ਸਿੰਘ, ਰੇਸ਼ਮ ਸਿੰਘ, ਬਲਵੀਰ ਸਿੰਘ ਔਲਖ ਬਾਬਾ, ਦਲੀਪ ਸਿੰਘ, ਉਮ ਪ੍ਰਕਾਸ਼ ਕਬੋਜ਼, ਦਰਸ਼ਨ ਸਿੰਘ ਕੰਬੋਜ਼, ਸ਼ੇਰ ਸਿੰਘ ਕੰਬੋਜ, ਰਾਝਾ ਸਿੰਘ, ਗੁਰਚਰਨ ਸਿੰਘ ਪੰਚ ਸੁਖਦੇਵ ਸਿੰਘ ਪੰਚ, ਗੁਰਦੇਵ ਸਿੰਘ ਸੈਕਟਰੀ, ਬਿੰਦੂ ਸਰਪੰਚ ਜੋਸਨ ਆਦਿ ਹਾਜ਼ਰ ਹਨ।

ਗੱਲਬਾਤ ਕਰਦਿਆਂ ਆਗੂਆਂ ਨੇ ਜਿਥੇ ਸਮੂਹ ਗ੍ਰਾਮ ਪੰਚਾਇਤ ਮੱਲੂਵਾਲਾ ਦੀ ਸੰਗਤ ਦਾ ਧੰਨਵਾਦ ਕੀਤਾ, ਉਥੇ ਇਨ੍ਹਾਂ ਸਮਾਗਮਾਂ ਵਿਚ ਪਹੁੰਚ ਰਹੇ ਮਸ਼ਹੂਰ ਅੰਤਰਰਾਸ਼ਟਰੀ ਕਲਾਕਾਰ ਰਵਿੰਦਰ ਸਿੰਘ ਗਰੇਵਾਲ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਅੰਤਰਰਾਸ਼ਟਰੀ ਕਲਾਕਾਰ ਵੱਲੋਂ ਸ਼ਹੀਦ ਦੀ ਯਾਦ ਵਿਚ ਆਪਣੇ ਗੀਤ ਗਾਏ ਜਾਣਗੇ। ਉਨ੍ਹਾਂ ਦੱਸਿਆ ਕਿ ਸਮਾਗਮ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਨਾਮ ਸਿੰਘ ਸਿੱਧੂ ਵੱਲੋਂ ਪੁਲਿਸ ਪ੍ਰਸ਼ਾਸਨ ਤੇ ਲਾਏ ਦੋਸ਼ਾਂ ਦੀ ਜਾਂਚ ਹੋਵੇ—ਭੁੱਲਰ

ਫ਼ਿਰੋਜ਼ਪੁਰ, 30 ਨਵੰਬਰ (ਮਨੋਹਰ ਲਾਲ) :— ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜ਼ਿਲਾ ਫਿਰੋਜ਼ਪੁਰ ਦੇ ਪ੍ਰਧਾਨ ਗੁਰਚਰਨ ਸਿੰਘ ਭੁੱਲਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਪਿਛਲੇ ਦਿਨੀ ਅਵਾਜੇ ਏ ਪੰਜਾਬ ਯੂ—ਟਿਊਬ ਚੈਨਲ ਤੇ ਸੁਖਵਿੰਦਰ ਸਿੰਘ ਸੁੱਖ ਰਾਹੀਂ ਦਿੱਤੀ ਇੰਟਰਵਿਊ ਵਿੱਚ ਗੁਰਨਾਮ ਸਿੰਘ ਸਿੱਧੂ ਪ੍ਰੈਸ ਰਿਪੋਰਟ ਵੱਲੋ ਪੁਲਿਸ ਪ੍ਰਸ਼ਾਸਨ ਤੇ ਲਾਏ ਦੋਸ਼ ਗੰਭੀਰ ਹਨ, ਜਿਸ ਦੀ ਕਿਸੇ ਰਿਟਾਇਰਡ ਹਾਈਕੋਰਟ ਦੇ ਜੱਜਾਂ ਰਾਂਹੀ ਜਾਂਚ ਹੋਣੀ ਚਾਹੀਦੀ ਹੈ ਤਾਂ ਕਿ ਕੁਝ ਕੁ ਪੁਲਿਸ ਮਲਾਜਮਾਂ ਦੀਆਂ ਗਲਤੀਆਂ ਕਾਰਨ ਚੰਗੇ ਪੁਲਿਸ ਮੁਲਾਜ਼ਮਾਂ ਦੀ ਵਰਦੀ ਵੀ ਦਾਗੀ ਨਾ ਹੋਵੇ ਅਤੇ ਪੁਲਿਸ ਦੀ ਲੋਕਾਂ ਵਿੱਚ ਛਵੀਂ ਖਰਾਬ ਨਾ ਹੋਵੇ। ਉਨ੍ਹਾਂ ਕਿਹਾ ਕਿ ਜ਼ਿਲਾ ਫਿਰੋਜ਼ਪੁਰ ਵਿੱਚ ਲਾ—ਐਂਡ ਆਰਡਰ ਦੀ ਹਾਲਤ ਪਤਲੀ ਹੈ ਅਤੇ ਲੋਕਾਂ ਦੀ ਜਾਨ ਮਾਲ ਦੀ ਰਾਖੀ ਨਹੀਂ ਹੋ ਰਹੀ ਹੈ। ਸ੍ਰੀ ਭੁੱਲਰ ਨੇ ਕਿਹਾ ਕਿ ਜ਼ਿਲਾ ਫਿਰੋਜ਼ਪੁਰ ਵਿੱਚ ਸਿਆਸੀ ਲੋਕਾਂ ਦੀ ਰਿਸ਼ਵਤਖੋਰ ਮੁਲਾਜਮਾਂ ਅਤੇ ਅਫਸਰਾਂ ਨੂੰ ਕਮਾਈ ਵਾਲੀ ਜਗ੍ਹਾ ਤੇ ਲਾ ਕੇ ਹਿੱਸੇ ਲੈਣੇ ਅਤੇ ਉਨ੍ਹਾਂ ਦਾ ਪਤਾ ਹੋਣ ਦੇ ਬਾਵਜੂਦ ਉਨ੍ਹਾਂ ਸੀਟਾਂ ਤੇ ਲਗਾ ਕੇ ਰੱਖਣਾ ਸਾਬਤ ਕਰਦਾ ਹੈ ਕਿ ਭ੍ਰਿਸ਼ਟਾਚਾਰ ਕਰਾਉਣ ਵਿੱਚ ਇਨ੍ਹਾਂ ਦੇ ਹੱਥ ਹਨ ਅਤੇ ਸਾਰੇ ਮਹਿਕਮਿਆਂ ਵਿੱਚ ਭ੍ਰਿਸ਼ਟਾਚਾਰ ਫੈਲਿਆ ਹੋਇਆ ਹੈ, ਜਿਸ ਕਾਰਨ ਲੋਕਾਂ ਦੀ ਖੱਜਲ, ਖੁਆਰੀ, ਕਤਲੋਗਾਰਦ, ਲੁੱਟਾਂ ਖੋਹਾਂ ਹੋ ਰਹੀਆਂ ਹਨ। ਪੰਜਾਬ ਨੂੰ ਬਿਹਾਰ ਨਾਲੋ ਖਤਰਨਾਕ ਬਣਾ ਦਿੱਤਾ ਗਿਆ ਹੈ, ਜੋ ਇਲਜ਼ਾਮ ਸਿੱਧੂ ਸਾਬ ਨੇ ਅਵਾਜ ਏ ਪੰਜਾਬ ਦੇ ਚੈਨਲ ਰਾਹੀਂ ਲਾਏ ਹਨ, ਉਸ ਸਬੰਧੀ ਇਨ੍ਹਾਂ ਪ੍ਰੈਸ ਰਿਪੋਰਟਾਂ ਤੇ ਗਲਤ ਕੇਸ ਵੀ ਦਰਜ ਕਰਕੇ ਜੇਲ੍ਹਾਂ ਵਿੱਚ ਭੇਜਿਆ ਜਾ ਸਕਦਾ ਹੈ ਜਾਂ ਫਿਰ ਇਨ੍ਹਾਂ ਦਾ ਜਾਨੀ—ਮਾਲੀ ਨੁਕਸਾਨ ਵੀ ਕੀਤਾ ਜਾ ਸਕਦਾ ਹੈ। ਸ੍ਰੀ ਭੁੱਲਰ ਨੇ ਕਿਹਾ ਕਿ ਜੇਕਰ ਇਸ ਤਰ੍ਹਾਂ ਕੁਝ ਕਰਨ ਦੀ ਕੋਸ਼ਿਸ਼ ਕੀਤੀ ਤਾਂ ਫਿਰੋਜ਼ਪੁਰ ਦੇ ਲੋਕ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੋਵਾਂ ਪੱਤਰਕਾਰਾਂ ਦਾ ਡਟ ਕੇ ਸਾਥ ਦੇਣਗੇ।



ਆਵਾਜ਼ਿ ਕੌਮ AWAZE QAUM International Newspaper & WEB TV

# ਕੇਂਦਰੀ ਨਸ਼ਾ ਵਿਰੋਧੀ ਏਜੰਸੀ ਵੱਲੋਂ ਪੰਜਾਬ ਨੂੰ ਦੇਸ਼ ਭਰ 'ਚੋਂ ਨਸ਼ਿਆਂ ਦੇ ਮਾਮਲੇ ਵਿੱਚ ਦੂਸਰੇ ਨੰਬਰ ਤੇ ਘੋਸ਼ਿਤ ਕਰਨਾ ਗਹਿਰੀ ਚਿੰਤਾ ਦਾ ਵਿਸ਼ਾ : ਪ੍ਰੋ. ਬਡੂੰਗਰ

## ਰਿਪੋਰਟ ਵਿੱਚ 14 ਤੋਂ 17 ਸਾਲ ਦੇ ਬੱਚਿਆਂ ਨੂੰ ਨਸ਼ਿਆਂ ਵਿੱਚ ਗ੍ਰਸਤ ਹੋਣ ਦੇ ਕੀਤੇ ਗਏ ਖੁਲਾਸੇ

**ਪਟਿਆਲਾ, 30 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਕੇਂਦਰ ਦੀ ਐਂਟੀ ਨਾਰਕੋਟਿਕ ਏਜੰਸੀ ਵਲੋਂ ਦੇਸ਼ ਭਰ ਵਿੱਚੋਂ ਨਸ਼ਿਆਂ ਦੇ ਖੇਤਰ ਵਿੱਚ ਪੰਜਾਬ ਨੂੰ ਦੂਸਰੇ ਨੰਬਰ ਤੇ ਘੋਸ਼ਿਤ ਕੀਤੇ ਜਾਣ ਤੇ ਗਹਿਰੀ ਚਿੰਤਾ ਦਾ ਪ੍ਰਗਟਾਵਾ ਕੀਤਾ ਹੈ। ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਕੇਂਦਰੀ ਨਸ਼ਾ ਵਿਰੋਧੀ ਏਜੰਸੀ ਵੱਲੋਂ ਪੰਜਾਬ ਵਿੱਚ 14 ਸਾਲ ਤੋਂ ਲੈ ਕੇ 17 ਸਾਲ ਤੱਕ ਦੇ ਅੱਧੇ ਤੋਂ ਵੱਧ ਬੱਚੇ ਨਸ਼ਿਆਂ ਦੇ ਸ਼ਿਕਾਰ ਹੋਣ ਦੇ ਖੁਲਾਸੇ ਕੀਤੇ ਗਏ ਹਨ। ਉਨਾਂ ਦੱਸਿਆ ਕਿ ਇਸ ਏਜੰਸੀ ਵੱਲੋਂ ਕੀਤੇ ਗਏ ਖੁਲਾਸੇ ਨੇ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਦੀ ਨੌਜਵਾਨੀ ਦਾ ਖਾਣ ਹੋ ਰਿਹਾ ਹੈ ਤੇ ਸਰਕਾਰਾਂ ਵੱਲੋਂ ਨਸਿਆਂ ਨੂੰ ਖਤਮ ਕੀਤੇ ਜਾਣ ਦੇ ਕੀਤੇ ਜਾ ਰਹੇ ਦਾਅਵੇ ਖੋਖਲੇ ਸਾਬਤ ਹੋ ਰਹੇ ਹਨ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਖਤਮ ਕਰਨ ਦੇ ਵੱਡੇ ਵੱਡੇ ਦਾਅਵੇ ਜਰੂਰ ਕੀਤੇ ਜਾ ਰਹੇ ਹਨ ਪ੍ਰੰਤੂ ਇਸ ਏਜੰਸੀ ਵੱਲੋਂ ਪੇਸ਼ ਕੀਤੀ ਗਈ ਤਾਜ਼ਾ ਰਿਪੋਰਟ ਨੇ ਪੰਜਾਬ ਵਿੱਚ ਨਸ਼ਿਆਂ ਦੇ ਮਾਮਲੇ ਨੂੰ ਲੈ ਕੇ ਵੱਡੇ ਸਵਾਲ ਚਿੰਨ ਪੈਦਾ ਕਰਕੇ ਰੱਖ ਦਿੱਤੇ ਹਨ। ਉਹਨਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਜਨਤਕ ਕੀਤੀ ਗਈ ਇਹ ਸਰਕਾਰੀ ਰਿਪੋਰਟ ਬਹੁਤ ਹੀ ਚਿੰਤਾਜਨਕ ਹੈ ਅਤੇ ਸਰਕਾਰਾਂ ਦੇ ਦਾਅਵੇ ਖੋਖਲੇ ਸਾਬਤ ਹੋਏ ਹਨ। ਉਨ੍ਹਾਂ ਕਿਹਾ ਕਿ ਸਭ ਤੋਂ ਵੱਧ ਨਸ਼ਾ ਛੱਤੀਸਗੜ੍ਹ ਰਾਜ ਵਿੱਚ ਦਰਜ਼ ਕੀਤਾ ਜਾ ਰਿਹਾ ਹੈ ਤੇ ਪੰਜਾਬ ਨੂੰ ਦੂਸਰੇ ਨੰਬਰ ਤੇ ਦਰਸਾਇਆ ਗਿਆ ਹੈ, ਜਿਸ ਨਾਲ ਪੰਜਾਬ ਵਿੱਚ ਮਿਹਨਤੀ ਸਿਰੜੀ ਨੌਜਵਾਨੀ ਨੂੰ ਨਸ਼ਿਆਂ ਦੇ ਸ਼ਿਕਾਰ ਦਰਸਾਕੇ ਪੰਜਾਬ ਨੂੰ ਸ਼ਰਮਸ਼ਾਰ ਹੋਣ ਲਈ ਮਜਬੂਰ ਹੋਣਾ ਪਿਆ ਹੈ। ਉਹਨਾਂ ਕਿਹਾ ਕਿ ਸਾਰੇ ਪੰਜਾਬੀਆਂ ਨੂੰ ਹੀ ਰਲ ਕੇ ਆਪਣੀ ਜਿੰਮੇਵਾਰੀ ਸਮਝਦਿਆਂ ਹੋਇਆਂ ਪੰਜਾਬ ਦੇ ਹਿੱਤਾਂ, ਪੰਜਾਬ ਦੇ ਮਾਣ ਸਨਮਾਨ ਨੂੰ ਸਾਹਮਣੇ ਰੱਖ ਕੇ ਉਦਮ ਉਪਰਾਲਾ ਕਰਦੇ ਹੋਏ ਆਪੋ ਆਪਣੇ ਬੱਚਿਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦੇ ਕੇ ਨਸ਼ਿਆਂ ਵਰਗੇ ਕੋਹੜ ਤੋਂ ਦੂਰ ਲਿਜਾਉਣ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਸ੍ਰੀ ਕੌਲਸਰ ਸਾਹਿਬ ਦੇ ਸਰੋਵਰ ਦੀ ਕਾਰ ਸੇਵਾ ਸ਼ੁਰੂ

# ਸ਼੍ਰੋਮਣੀ ਕਮੇਟੀ ਵੱਲੋਂ ਭਾਈ ਗੁਰਇਕਬਾਲ ਸਿੰਘ ਨੂੰ ਸੌਂਪੀ ਗਈ ਸੇਵਾ





**ਚੌਕ ਮਹਿਤਾ, 30 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਗੁਰਇਕਬਾਲ ਸਿੰਘ ਬੀਬੀ ਕੌਲਾਂ ਜੀ ਭਲਾਈ ਕੇਂਦਰ ਵਾਲਿਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਸ੍ਰੀ ਕੌਲਸਰ ਸਾਹਿਬ ਜੀ ਦੇ ਪਵਿੱਤਰ ਸਰੋਵਰ ਦੀ ਕਾਰ ਸੇਵਾ ਪੰਥਕ ਰਵਾਇਤ ਅਨੁਸਾਰ ਆਰੰਭ ਕੀਤੀ ਗਈ। ਇਸ ਕਾਰ ਸੇਵਾ ਦੀ ਆਰੰਭਤਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਿੰਘ, ਗ੍ਰੰਥੀ ਗਿਆਨੀ ਗੁਰਮਿੰਦਰ ਸਿੰਘ, ਗਿਆਨੀ ਬਲਜੀਤ ਸਿੰਘ, ਗਿਆਨੀ ਕੇਵਲ ਸਿੰਘ, ਦਲ ਬਾਬਾ ਬਿਧੀ ਚੰਦ ਸੰਪ੍ਰਦਾ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ ਅਤੇ ਭਾਈ ਗੁਰਇਕਬਾਲ ਸਿੰਘ ਨੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਟੱਪ ਲਗਾ ਕੇ ਕੀਤੀ। ਇਸ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਕੌਲਸਰ ਸਾਹਿਬ ਵਿਖੇ ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਰੂਪ ਸਿੰਘ ਦੇ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਤੇ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਲਿਆ।

ਇਸ ਮੌਕੇ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਗੁਰਦੁਆਰਾ ਸਾਹਿਬਾਨ ਦੀਆਂ ਸੇਵਾਵਾਂ ਵਿਚ ਹਿੱਸਾ ਲੈਣਾ ਵੱਡੇ ਭਾਗਾਂ ਦੀ ਨਿਸ਼ਾਨੀ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸ੍ਰੀ ਕੌਲਸਰ ਸਾਹਿਬ ਦੇ ਪਾਵਨ ਸਰੋਵਰ ਦੀ ਇਸ ਤੋਂ ਪਹਿਲਾਂ 2016 ਵਿਚ ਸੇਵਾ ਕਰਵਾਈ ਗਈ ਸੀ ਅਤੇ ਸੰਗਤਾਂ ਦੀ ਮੰਗ ਅਨੁਸਾਰ ਸ਼੍ਰੋਮਣੀ ਕਮੇਟੀ ਨੇ ਇਸ ਦੀ ਮੁੜ ਸੇਵਾ ਕਰਵਾਉਣ ਲਈ ਭਾਈ ਗੁਰਇਕਬਾਲ ਸਿੰਘ ਬੀਬੀ ਕੌਲਾਂ ਜੀ ਭਲਾਈ ਕੇਂਦਰ ਵਾਲਿਆਂ ਨੂੰ ਜ਼ੁੰਮੇਵਾਰੀ ਸੌਂਪੀ ਹੈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਇਸ ਸੇਵਾ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਤੇ ਆਪਣਾ ਜੀਵਨ ਸਫਲਾ ਕਰਨ।

ਇਸੇ ਦੌਰਾਨ ਭਾਈ ਗੁਰਇਕਬਾਲ ਸਿੰਘ ਨੇ ਇਸ ਕਾਰਜ ਦੀ ਸੇਵਾ ਲਈ ਸ਼੍ਰੋਮਣੀ ਕਮੇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਦੀ ਵੱਡੀ ਬਖ਼ਸ਼ਿਸ਼ ਹੈ ਕਿ ਇਹ ਸੇਵਾ ਸਾਡੀ ਝੋਲੀ ਪਈ ਹੈ। ਉਨ੍ਹਾਂ ਕਿਹਾ ਕਿ ਗੁਰੂ-ਘਰ ਦੀ ਸੇਵਾ ਕਿਸੇ ਕਰਮਾਂ-ਭਾਗਾਂ ਵਾਲੇ ਮਨੁੱਖ ਨੂੰ ਹੀ ਮਿਲਦੀ ਹੈ। ਇਸ ਦੇ ਨਾਲ ਹੀ ਉਨ੍ਹਾਂ ਸੰਗਤ ਨੂੰ ਵੀ ਬੇਨਤੀ ਕੀਤੀ ਕਿ ਉਹ ਇਸ ਕਾਰ ਸੇਵਾ ਵਿੱਚ ਵੱਧ ਤੋਂ ਵੱਧ ਹਾਜ਼ਰੀਆਂ ਭਰਨ। ਇਸ ਮੌਕੇ ਪੁੱਜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਤੁਗਲਵਾਲ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਰਾਮ ਸਿੰਘ, ਸ. ਹਰਜਾਪ ਸਿੰਘ ਸੁਲਤਾਨਵਿੰਡ, ਭਾਈ ਮਨਜੀਤ ਸਿੰਘ, ਸ. ਬਲਵਿੰਦਰ ਸਿੰਘ ਵੇਈਂਪੂਈਂ, ਸਕੱਤਰ ਸ. ਪ੍ਰਤਾਪ ਸਿੰਘ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਤਰਨਾ ਦਲ ਬਾਬਾ ਬਕਾਲਾ ਦੇ ਮੁਖੀ ਬਾਬਾ ਜੋਗਾ ਸਿੰਘ, ਬਾਬਾ ਹਰੀ ਸਿੰਘ ਹਰੀਕੇ ਪੱਤਣ, ਬਾਬਾ ਨਾਹਰ ਸਿੰਘ ਸਾਧ ਜੀ, ਬਾਬਾ ਰਮਨ ਸਿੰਘ, ਬਾਬਾ ਅਮਰ ਸਿੰਘ, ਡਾ. ਧਰਮਜੀਤ ਸਿੰਘ, ਸ. ਤੇਜਿੰਦਰ ਸਿੰਘ, ਸ. ਗੁਰਦੀਪ ਸਿੰਘ ਸਲੂਜਾ, ਵਧੀਕ ਮੈਨੇਜਰ ਸ. ਜਸਪਾਲ ਸਿੰਘ ਢੱਡੇ, ਸ. ਬਿਕਰਮਜੀਤ ਸਿੰਘ ਝੰਗੀ, ਸ. ਜੁਗਰਾਜ ਸਿੰਘ, ਸ. ਲਖਬੀਰ ਸਿੰਘ, ਭਾਈ ਗੁਰਵਿੰਦਰ ਸਿੰਘ ਗ੍ਰੰਥੀ ਗੁਰਦੁਆਰਾ ਸ੍ਰੀ ਕੌਲਸਰ ਸਾਹਿਬ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਮਜੀਠੀਆ ਵੱਲੋਂ ਮ੍ਰਿਤਕ ਮਨਸ਼ਰਨਜੀਤ ਸਿੰਘ ਦੇ ਮਾਪਿਆਂ ਨਾਲ ਦੁੱਖ ਪ੍ਰਗਟ



**ਚੌਕ ਮਹਿਤਾ, 30 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-18 ਸਾਲਾਂ ਨੌਜਵਾਨ ਮਨਸ਼ਰਨਜੀਤ ਸਿੰਘ ਦੀ ਪਿਛਲੇ ਦਿਨੀ ਇਕ ਹਾਦਸੇ ਦੌਰਾਨ ਹੋਈ ਦਰਦਨਾਕ ਮੌਤ ਨੇ ਸਮੁਚੇ ਇਲਾਕੇ ਨੂੰ ਝੰਜੋੜ ਕੇ ਰੱਖ ਦਿੱਤਾ ਸੀ। ਹਾਦਸਾ ਇਨਾਂ ਜਬਰਦਸਤ ਸੀ ਕਿ ਮਨਸ਼ਰਨਜੀਤ ਸਿੰਘ ਦੀ ਮੌਕੇ ਤੇ ਹੀ ਮੌਤ ਹੋ ਗਈ। ਭਰ ਜਵਾਨੀ ਵਿਚ ਨੌਜਵਾਨ ਪੁੱਤ ਦੀ ਮੌਤ ਦਾ ਸੰਤਾਪ ਝੱਲ ਰਹੇ ਮਾਪਿਆਂ ਨੂੰ ਮਿਲਣ ਲਈ ਅੱਜ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਅਤੇ ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਵਾਲੇ ਵਿਸ਼ੇਸ਼ ਤੌਰ ਤੇ ਉਨ੍ਹਾਂ ਦੇ ਗ੍ਰਹਿ ਪਿੰਡ ਖੱਬੇਰਾਜਪੂਤਾਂ ਵਿਖੇ ਪਹੁੰਚੇ, ਜਿਥੇ ਉਨ੍ਹਾਂ ਨੇ ਮ੍ਰਿਤਕ ਨੌਜਵਾਨ ਦੇ ਪਿਤਾ ਮੇਜਰ ਸਿੰਘ ਤੇ ਪਰਿਵਾਰਕ ਮੈਂਬਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਅਤੇ ਭਾਣਾ ਮੰਨਣ ਲਈ ਹੌਸਲਾ ਦਿੱਤਾ। ਇਸ ਮੌਕੇ ਚਾਚਾ ਬਿਕਰਮਜੀਤ ਸਿੰਘ, ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ, ਰਾਜਨਬੀਰ ਸਿੰਘ ਘੁਮਾਣ, ਚੇਅਰਮੈਨ ਲਖਵਿੰਦਰ ਸਿੰਘ ਖਾਲਸਾ, ਹੈਡ ਗ੍ਰੰਥੀ ਕੁਲਵੰਤ ਸਿੰਘ, ਸਾਬਕਾ ਸਰਪੰਚ ਸੰਤੋਖ ਸਿੰਘ, ਮਨਕਰਨ ਸਿੰਘ, ਅਮਨ ਵਰੈਂਚ, ਚਾਚਾ ਕੁਲਵੰਤ ਸਿੰਘ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਡਿਪੂ ਹੋਲਡਰ ਯੂਨੀਅਨ ਨੇ ਪੰਜਾਬ ਸਰਕਾਰ ਪ੍ਰਤੀ ਜਤਾਇਆ ਗੁੱਸਾ, ਨਗਰ ਨਿਗਮ ਚੋਣਾਂ 'ਚ ਹਰ ਵਾਰਡ 'ਚ ਤਾਇਨਾਤ ਕਰੇਗੀ ਆਪਣਾ ਨੁਮਾਇੰਦਾ



**ਚੌਕ ਮਹਿਤਾ, 30 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਵੱਲੋਂ ਕਾਰਡ ਧਾਰਕਾਂ ਨੂੰ ਰਾਹਤ ਦੇਣ ਲਈ ਹਾਲ ਹੀ ਵਿੱਚ 20 ਹਜ਼ਾਰ ਮੀਟ੍ਰਿਕ ਟਨ ਕਣਕ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਭੇਜੀ ਗਈ ਸੀ ਅਤੇ ਟਰਾਂਸਪੋਰਟਰਾਂ ਅਤੇ ਟਰਾਂਸਪੋਰਟਰਾਂ ਵਿਚਾਲੇ ਚੱਲ ਰਹੇ ਵਿਵਾਦ ਕਾਰਨ ਗੁਦਾਮਾਂ ਵਿੱਚ ਸਟੋਰ ਕੀਤੀ ਕਣਕ ਖਰਾਬ ਹੋ ਰਹੀ ਹੈ। ਮਜ਼ਦੂਰ ਹੈ। ਇਨ੍ਹਾਂ ਦੇ ਝਗੜੇ ਕਾਰਨ ਕਾਰਡ ਧਾਰਕਾਂ ਨੂੰ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸਬੰਧੀ ਡਿਪੂ ਹੋਲਡਰ ਯੂਨੀਅਨ ਨੇ ਕਈ ਵਾਰ ਵਿਭਾਗ ਅਤੇ ਸਰਕਾਰ ਨੂੰ ਇਸ ਮਸਲੇ ਦੇ ਹੱਲ ਲਈ ਕਿਹਾ ਸੀ ਪਰ ਸਰਕਾਰ ਨੇ ਯੂਨੀਅਨ ਵੱਲੋਂ ਉਠਾਏ ਇਸ ਮੁੱਦੇ ਨੂੰ ਅਣਗੌਲਿਆ ਕਰ ਦਿੱਤਾ। ਸ਼ੁੱਕਰਵਾਰ ਨੂੰ ਯੂਨੀਅਨ ਨੇ ਪੰਜਾਬ ਸਰਕਾਰ ਪ੍ਰਤੀ ਗੁੱਸਾ ਜ਼ਾਹਰ ਕਰਦਿਆਂ ਕਿਹਾ ਕਿ ਸਰਕਾਰ ਅਤੇ ਅੰਮ੍ਰਿਤਸਰ ਦੇ ਖ਼ੁਰਾਕ ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਅਧਿਕਾਰੀਆਂ ਨੂੰ ਗਰੀਬ ਲੋਕਾਂ ਦੇ ਨਾਲ-ਨਾਲ ਗੁਦਾਮਾਂ ਵਿੱਚ ਖਰਾਬ ਹੋ ਰਹੀ ਕਣਕ ਦੀ ਪ੍ਰਵਾਹ ਨਹੀਂ ਹੈ। ਯੂਨੀਅਨ ਦੇ ਪ੍ਰਧਾਨ ਸੰਜੀਵ ਸ਼ਰਮਾ ਲਾਡੀ ਨੇ ਕਿਹਾ ਕਿ ਜੇਕਰ 5 ਦਿਨਾਂ ਦੇ ਅੰਦਰ ਇਸ ਮਾਮਲੇ ਦਾ ਹੱਲ ਨਾ ਕੀਤਾ ਗਿਆ ਤਾਂ ਅਸੀਂ ਨਗਰ ਨਿਗਮ ਚੋਣਾਂ ਵਿੱਚ ਸਰਕਾਰ ਦਾ ਬਾਈਕਾਟ ਕਰਾਂਗੇ ਅਤੇ ਹਰ ਵਾਰਡ ਵਿੱਚ ਆਪਣੇ ਆਜ਼ਾਦ ਉਮੀਦਵਾਰ ਨੂੰ ਮੈਦਾਨ ਵਿੱਚ ਉਤਾਰਾਂਗੇ। ਇਸ ਮੌਕੇ ਮਨੀਸ਼ ਕੁਮਾਰ ਮੋਨੂੰ (ਵਾਈਸ ਪ੍ਰਿੰਸੀਪਲ), ਹਰੀਓਮ, ਵਿਜੇ ਕੁਮਾਰ, ਇੰਦਰਜੀਤ, ਬਾਊ, ਸੁਰਿੰਦਰ ਮਹਾਜਨ, ਰਣਜੀਤ ਆਦਿ ਹਾਜ਼ਰ ਸਨ।

# ਥਾਣਾ ਏ ਡਵੀਜ਼ਨ ਵੱਲੋਂ ਚੋਰੀ ਦੇ 01 ਐਕਟੀਵਾ ਅਤੇ 02 ਮੋਟਰਸਾਈਕਲਾਂ ਸਮੇਤ ਇਕ ਕਾਬੂ



**ਚੌਕ ਮਹਿਤਾ, 30 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ੍ਰੀ ਗੁਰਪ੍ਰੀਤ ਸਿੰਘ ਭੁੱਲਰ, ਆਈ ਪੀ ਐਸ ਕਮਿਸ਼ਨਰ ਪੁਲਿਸ ਦੀਆ ਹਦਾਇਤਾਂ ਤੇ ਸ੍ਰੀ ਆਲਮ ਵਿਜੈ ਸਿੰਘ, ਡੀਸੀਪੀ ਲਾਅ ਐਂਡ ਆਡਰ ਅਤੇ ਸ੍ਰੀ ਹਰਪਾਲ ਸਿੰਘ ਏ ਡੀ ਸੀ ਪੀ-3 ਦੇ ਦਿਸ਼ਾ ਨਿਰਦੇਸ਼ਾਂ ਤੇ ਅਤੇ ਸ੍ਰੀ ਵਨੀਤ ਅਹਲਾਵਤ ਆਈ ਪੀ ਐਸ ਏ ਸੀ ਪੀ ਪੂਰਬੀ ਦੀ ਨਿਗਰਾਨੀ ਹੇਠ ਮੁੱਖ ਅਫਸਰ ਥਾਣਾ ਏ ਡਵੀਜ਼ਨ ਇੰਸਪੈਕਟਰ ਬਲਜਿੰਦਰ ਸਿੰਘ ਔਲਖ ਦੀ ਪੁਲਿਸ ਪਾਰਟੀ ਏ.ਐਸ.ਆਈ ਪਲਵਿੰਦਰ ਸਿੰਘ ਸਮੇਤ ਸਾਥੀ ਕਰਮਚਾਰੀ ਰਾਮ ਬਾਗ ਚੌਕ ਮੌਜੂਦ ਸੀ ਤਾਂ ਮਿਲੀ ਪੁਤਾ ਸੂਚਨਾ ਦੇ ਅਧਾਰ ਤੇ ਇਕ ਵਿਅਕਤੀ ਹਰਪ੍ਰੀਤ ਸਿੰਘ ਉਰਫ ਸੋਨੂੰ ਪੁੱਤਰ ਪ੍ਰਗਟ ਸਿੰਘ ਵਾਸੀ ਪੱਤੀ ਗੁਰਨਾਮ ਕੀ ਪਿੰਡ ਵਲਟੋਹਾ ਜਿਲਾ ਤਰਨ ਤਾਰਨ ਨੂੰ ਬਿਨਾਂ ਨੰਬਰੀ ਇੱਕ ਐਕਟੀਵਾ ਸਕੂਟੀ ਦੇ ਕਾਬੂ ਕੀਤਾ ਗਿਆ। ਗ੍ਰਿਫਤਾਰ ਦੋਸ਼ੀ ਨੂੰ ਮਾਨਯੋਗ ਅਦਾਲਤ ਵਿਚ ਪੇਸ਼ ਕਰਕੇ 02 ਰਿਮਾਡ ਹਾਸਲ ਕੀਤਾ ਗਿਆ ਜੋ ਰਿਮਾਡ ਦੌਰਾਨ ਦੋਸ਼ੀ ਉਕਤ ਪਾਸੋਂ 01 ਮੋਟਰਸਾਇਕਲ ਸਪਲੈਂਡਰ ਬਿਨਾ ਨੰਬਰੀ ਅਤੇ 01 ਮੋਟਰਸਾਇਕਲ ਮਾਰਕਾ ਚੋਰੀ ਸੁਦਾ ਹੋਰ ਬ੍ਰਾਮਦ ਹੋਇਆ ਦੋਸੀ ਹਰਪ੍ਰੀਤ ਸਿੰਘ ਦੇ ਖਿਲਾਫ ਪਹਿਲਾ ਵੀ ਮੁਕਦਮੇ ਦਰਜ ਰਜਿਸਟਰ ਹਨ ਤੇ ਇਹ ਥਾਣਾ ਵਲਟੋਹਾ ਜ਼ਿਲਾ ਤਰਨ ਤਾਰਨ ਦੇ ਮੁਕਦਮੇ ਵਿੱਚ ਪੀ ਓ ਵੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਭਾਈ ਅਮਨਦੀਪ ਸਿੰਘ ਵੱਲੋਂ

# ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜ ਸ਼ਲਾਘਾਯੋਗ- ਸ ਹਰਜਿੰਦਰ ਸਿੰਘ ਧਾਮੀ



**ਚੌਕ ਮਹਿਤਾ, 30 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ, ਅੱਡਾ ਬਾਉਲੀ ਰਾਮ ਤੀਰਥ ਰੋਡ, ਅੰਮ੍ਰਿਤਸਰ,ਦੇ ਮੁੱਖ ਪ੍ਰਬੰਧਕ ਭਾਈ ਗੁਰਇਕਬਾਲ ਸਿੰਘ ਅਤੇ ਭਾਈ ਅਮਨਦੀਪ ਸਿੰਘ ਵੱਲੋਂ ਅੱਜ ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ ਵਿਖੇ ਪਹੁੰਚਣ ਤੇ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ.ਹਰਜਿੰਦਰ ਸਿੰਘ ਧਾਮੀ ਅਤੇ ਉਨਾਂ ਦੇ ਨਾਲ ਸ਼੍ਰੋਮਣੀ ਕਮੇਟੀ ਮੈਂਬਰ ਸ .ਰਜਿੰਦਰ ਸਿੰਘ ਮਹਿਤਾ,ਸ.ਸੁਰਜੀਤ ਸਿੰਘ ਭਿੱਟੇਵੱਢ,ਐਡਵੋਕੇਟ ਸ. ਭਗਵੰਤ ਸਿੰਘ ਸਿਆਲਕਾ,ਐਡੀਸ਼ਨਲ ਸੈਕਟਰੀ ਸ .ਸ਼ਹਬਾਜ ਸਿੰਘ ਦਾ ਭਾਈ ਅਮਨਦੀਪ ਸਿੰਘ ਜੀ ਬੀਬੀ ਕੌਲਾਂ ਵਾਲਿਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।ਪ੍ਰਧਾਨ ਸਾਹਿਬ ਨੇ ਟਰੱਸਟ ਵੱਲੋਂ ਚੱਲ ਰਹੇ ਸੇਵਾਵਾਂ ਦੇ ਕਾਰਜਾਂ ਦਾ ਜਾਇਜਾ ਲਿਆ ਅਤੇ ਅਸੀਸ ਰੂਪੀ ਹੁੰਗਾਰਾ ਭਰਿਆ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸ. ਹਰਜਿੰਦਰ ਸਿੰਘ ਧਾਮੀ ਨੇ ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ ਵੱਲੋਂ ਕੀਤੀਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਭਾਈ ਅਮਨਦੀਪ ਸਿੰਘ ਵੱਲੋਂ ਗੁਰੂ ਨਾਨਕ ਦੇ ਫਲਸਫੇ ਤੇ ਚਲਦੇ ਹੋਏ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜ ਸ਼ਲਾਘਾਯੋਗ ਹਨ। ਉਹਨਾਂ ਕਿਹਾ ਅਜੋਕੇ ਸਮੇਂ ਦੀ ਮੁੱਖ ਲੋੜ ਸਸਤੀ ਵਿੱਦਿਆ,ਸਸਤਾ ਇਲਾਜ ਹੈ ਜੋ ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ ਵੱਲੋਂ ਬਹੁਤ ਚੰਗਾ ਉਪਰਾਲਾ ਕੀਤਾ ਜਾ ਰਿਹਾ ਸ. ਹਰਜਿੰਦਰ ਸਿੰਘ ਧਾਮੀ ਨੇ ਦਾਤਾ ਬੰਦੀ ਛੋੜ ਪਬਲਿਕ ਸਕੂਲ,ਬਾਬਾ ਦੀਪ ਸਿੰਘ ਫ੍ਰੀ ਟਿਫਨ ਸੇਵਾ,ਗੁਰੂ ਬਾਬਾ ਨਾਨਕ ਜੀ ਦੀ ਰਸੋਈ ਅਤੇ ਬਾਬਾ ਦੀਪ ਸਿੰਘ ਹੈਲਥ ਕੇਅਰ ਚੈਰੀਟੇਬਲ ਹਸਪਤਾਲ,ਬਾਬਾ ਦੀਪ ਸਿੰਘ ਫਰੀ ਟਿਫਨ ਸੇਵਾ,ਬਾਬਾ ਦੀਪ ਸਿੰਘ ਗੁਰਮਤ ਗਿਆਨ ਸੰਗੀਤ ਅਕੈਡਮੀ ਦਾ ਦੌਰਾ ਕੀਤਾ। ਉਨਾਂ ਸਕੂਲ ਅਤੇ ਹਸਪਤਾਲ ਦੇ ਸਟਾਫ ਨਾਲ ਗੱਲਬਾਤ ਵੀ ਕੀਤੀ ਉਨ੍ਹਾਂ ਕਿਹਾ ਅੱਜ ਦੇ ਸਮੇਂ ਦੀ ਮੁੱਖ ਲੋੜ ਪੜ੍ਹਾਈ ਅਤੇ ਮੈਡੀਕਲ ਸਹੂਲਤ ਹੈ,ਵੈਸੇ ਤਾਂ ਇਹ ਕੰਮ ਸਰਕਾਰਾਂ ਦੇ ਨੇ ਪਰ ਭਾਈ ਅਮਨਦੀਪ ਸਿੰਘ ਜੀ ਵੱਲੋਂ ਇਹ ਕੰਮ ਬਹੁਤ ਹੀ ਉੱਚ ਪੱਧਰ ਤੇ ਕੀਤੇ ਜਾ ਰਹੇ ਹਨ ਉਨ੍ਹਾਂ ਕਿਹਾ ਅੱਜ ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ ਵਿਖੇ ਪਹੁੰਚ ਕੇ ਅੱਖੀ ਸਭ ਕੁਝ ਦੇਖ ਕੇ ਮਨ ਬਹੁਤ ਪ੍ਰਸੰਨ ਹੋਇਆ।ਇਸ ਮੌਕੇ ਭਾਈ ਅਮਨਦੀਪ ਸਿੰਘ ਜੀ ਵੱਲੋਂ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ.ਹਰਜਿੰਦਰ ਸਿੰਘ ਧਾਮੀ ਅਤੇ ਉਨਾਂ ਦੇ ਨਾਲ ਆਏ ਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨ ਨੂੰ ਟਰੱਸਟ ਵਿਖੇ ਪਹੁੰਚਣ ਤੇ 'ਜੀ ਆਇਆ ਆਖਿਆ।ਭਾਈ ਅਮਨਦੀਪ ਸਿੰਘ ਜੀ ਵੱਲੋਂ ਆਏ ਹੋਏ ਸਾਰੇ ਪਤਵੰਤੇ ਸੱਜਣਾਂ ਦਾ ਉਨਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਭਾਈ ਅਮਤੇਸ਼ਵਰ ਸਿੰਘ,ਭਾਈ ਸਿਮਰਨਜੀਤ ਸਿੰਘ, ਭਾਈ ਗੁਰਚਰਨ ਸਿੰਘ ਕਥਾਵਾਚਕ, ਭਾਈ ਮਨਮੀਤ ਸਿੰਘ ,ਭਾਈ ਸ਼ਮਸ਼ੇਰ ਸਿੰਘ,ਭਾਈ ਅਵਤਾਰ ਸਿੰਘ,ਭਾਈ ਜਸਵਿੰਦਰ ਸਿੰਘ ਇੰਚਾਰਜ,ਵਰੁਣ ਸ਼ਰਮਾ ਮੈਨੇਜਰ ਸਮੇਤ ਹਾਜ਼ਰ ਸਨ।

**ਚੰਗੀ ਪੜ੍ਹਾਈ ਅਤੇ ਮੈਡੀਕਲ ਸਹੂਲਤ ਅੱਜ ਦੇ ਸਮੇਂ ਦੀ ਮੁੱਖ ਲੋੜ -ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ**

ਨਾਟਕ ਵਿੱਚ ਔਰਤਾਂ ਦਾ ਦੁਖਾਂਤ ਦਰਸਾਇਆ

# ਪੰਜਾਬੀ ਮਾਹ ਦੇ ਰਾਜ-ਪੱਧਰੀ ਨਾਟ ਉਤਸਵ ਦੀ ਨਾਟਕ 'ਮਨ ਮਿੱਟੀ ਦਾ ਬੋਲਿਆ' ਦੀ ਪੇਸ਼ਕਾਰੀ ਨਾਲ ਸਮਾਪਤੀ

**ਬਠਿੰਡਾ, 30 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਸ. ਭਗਵੰਤ ਮਾਨ ਅਤੇ ਉੱਚੇਰੀ ਸਿੱਖਿਆ ਅਤੇ ਭਾਸ਼ਾਵਾਂ ਮੰਤਰੀ ਸ. ਹਰਜੋਤ ਸਿੰਘ ਬੈਂਸ ਦੀ ਰਹਿਨੁਮਾਈ ਹੇਠ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਜਸਵੰਤ ਜ਼ਫ਼ਰ ਦੀ ਯੋਗ ਅਗਵਾਈ ਵਿੱਚ ਜ਼ਿਲ੍ਹਾ ਭਾਸ਼ਾ ਦਫ਼ਤਰ ਬਠਿੰਡਾ ਵੱਲੋਂ ਅਯੋਜਿਤ ਪੰਜਾਬੀ ਮਾਹ ਅਧੀਨ ਰਾਜ ਪੱਧਰੀ ਨਾਟ-ਉਤਸਵ ਦੀ ਸੁਚੇਤਕ ਰੰਗ ਮੰਚ ਚੰਡੀਗੜ੍ਹ ਵੱਲੋਂ ਤਿਆਰ ਕੀਤੇ ਨਾਟਕ 'ਮਨ ਮਿੱਟੀ ਦਾ ਬੋਲਿਆ' ਦੀ ਪੇਸ਼ਕਾਰੀ ਨਾਲ ਸਮਾਪਤੀ ਹੋ ਗਈ ਹੈ।ਸ਼ਬਦੀਸ਼ ਵੱਲੋਂ ਲਿਖੇ ਇਸ ਨਾਟਕ ਦਾ ਨਿਰਦੇਸ਼ਨ ਅਨੀਤਾ ਸ਼ਬਦੀਸ਼ ਵੱਲੋਂ ਕੀਤਾ ਗਿਆ। ਇਸ ਇਕ ਪਾਤਰੀ ਨਾਟਕ ਵਿੱਚ ਅਦਾਕਾਰੀ ਵੀ ਖੁਦ ਅਨੀਤਾ ਸ਼ਬਦੀਸ਼ ਨੇ ਹੀ ਕੀਤੀ।ਨਾਟਕ ਵਿੱਚ ਔਰਤਾਂ ਦੇ ਦੁਖਾਂਤ ਨੇ ਦਰਸ਼ਕਾਂ ਨੂੰ ਭਾਵੁਕ ਕਰ ਦਿੱਤਾ। ਅਨੀਤਾ ਸ਼ਬਦੀਸ਼ ਨੇ ਆਪਣੇ ਬਾਕਮਾਲ ਅਭੀਨੈ ਨਾਲ ਨਾਟਕ ਰਾਹੀਂ ਇਹ ਸੰਦੇਸ਼ ਦਿੱਤਾ ਕਿ ਆਪਣੇ ਹੱਕਾਂ ਲਈ ਸਿਖਿਅਤ ਹੋਣਾ ਹੀ ਔਰਤ ਦਾ ਸਭ ਤੋਂ ਵੱਡਾ ਹਥਿਆਰ ਹੈ। ਇੱਥੇ ਇਹ ਵੀ ਜ਼ਿਕਰਯੋਗ ਹੈ ਕਿ ਕੱਲ੍ਹ ਚੌਥੇ ਦਿਨ ਮੰਚ ਰੰਗ ਮੰਚ ਅੰਮ੍ਰਿਤਸਰ ਦੀ ਟੀਮ ਵੱਲੋਂ ਵਸੰਤ ਸਬਨੀਸ ਦੇ ਲਿਖੇ ਨਾਟਕ 'ਮਾਹੀ ਮੇਰਾ ਥਾਣੇਦਾਰ' ਦੀ ਕੇਵਲ ਧਾਲੀਵਾਲ ਦੇ ਨਿਰਦੇਸ਼ਨ ਹੇਠ ਬਾਕਮਾਲ ਪੇਸ਼ਕਾਰੀ ਕੀਤੀ ਗਈ।









ਅੱਜ ਪੰਜ ਰੋਜ਼ਾ ਨਾਟ ਉਤਸਵ ਦੇ ਸਮਾਪਨ ਸਮਾਰੋਹ 'ਤੇ ਮੁੱਖ ਮਹਿਮਾਨ ਵਜੋਂ ਸਯੁੰਕਤ ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਸ਼੍ਰੀਮਤੀ ਹਰਪ੍ਰੀਤ ਕੌਰ ਨੇ ਸ਼ਿਰਕਤ ਕੀਤੀ। ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਡਿਪਟੀ ਡਾਇਰੈਕਟਰ, ਸ਼੍ਰੀਮਤੀ ਹਰਭਜਨ ਕੌਰ ਅਤੇ ਕੇਂਦਰੀ ਯੂਨੀਵਰਸਿਟੀ ਪੰਜਾਬ ਦੇ ਪੰਜਾਬੀ ਵਿਭਾਗ ਦੇ ਮੁਖੀ ਡਾ. ਰਮਨਪ੍ਰੀਤ ਕੌਰ ਸ਼ਾਮਿਲ

ਜ਼ਿਲ੍ਹਾ ਭਾਸ਼ਾ ਅਫ਼ਸਰ, ਕੀਰਤੀ ਕਿਰਪਾਲ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਅਤੇ ਦੱਸਿਆ ਕਿ ਪੰਜਾਬੀ ਮਾਹ ਅਧੀਨ ਕਰਵਾਇਆ ਜਾ ਰਿਹਾ ਇਹ ਪੰਜ ਰੋਜ਼ਾ ਨਾਟ ਉਤਸਵ ਅੱਜ ਸਫ਼ਲਤਾਪੂਰਵਕ ਸਮਾਪਤ ਹੋ ਰਿਹਾ ਹੈ। ਉਨ੍ਹਾਂ ਇਸ ਦੀ ਸਫ਼ਲਤਾ ਲਈ ਮੁੱਖ ਦਫ਼ਤਰ ਭਾਸ਼ਾ ਵਿਭਾਗ, ਪੰਜਾਬ ਪਟਿਆਲਾ, ਪ੍ਰਿੰਸੀਪਲ ਰਜਿੰਦਰਾ ਕਾਲਜ, ਬਠਿੰਡਾ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸ਼੍ਰੀ ਸ਼ਿਵਪਾਲ ਗੋਇਲ ਵੱਲੋਂ ਮਿਲੇ ਸਹਿਯੋਗ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦ ਵੀ ਕੀਤਾ। ਇਸ ਮੌਕੇ ਬੋਲਦਿਆਂ ਸ਼੍ਰੀਮਤੀ ਹਰਪ੍ਰੀਤ ਕੌਰ ਨੇ ਕਿਹਾ ਕਿ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ ਵਿੱਚ ਭਾਸ਼ਾ ਵਿਭਾਗ ਪੰਜਾਬ ਪੰਜਾਬੀ ਦੇ ਪ੍ਰਚਾਰ ਪ੍ਰਸਾਰ ਲਈ ਹਰ ਸੰਭਵ ਯਤਨ ਕਰ ਰਿਹਾ ਹੈ ਤੇ ਸਾਹਿਤਕ ਸਖ਼ਸ਼ੀਅਤਾਂ ਅਤੇ ਆਮ ਲੋਕਾਂ ਦੇ ਸਹਿਯੋਗ ਨਾਲ ਹੀ ਇਸ ਕਾਰਜ ਨੂੰ ਸਫ਼ਲਤਾ ਪੂਰਵਕ ਨੇਪਰੇ ਚੜ੍ਹਾਇਆ ਜਾ ਸਕਦਾ ਹੈ। ਡਾ. ਹਰਭਜਨ ਕੌਰ ਨੇ ਇਸ ਨਾਟ ਉਤਸਵ ਦੀ ਸਫ਼ਲਤਾ ਲਈ ਜ਼ਿਲ੍ਹਾ ਭਾਸ਼ਾ ਅਫ਼ਸਰ ਕੀਰਤੀ ਕਿਰਪਾਲ ਅਤੇ ਪੂਰੀ ਟੀਮ ਨੂੰ ਵਧਾਈ ਦਿੱਤੀ। ਡਾ. ਰਮਨਪ੍ਰੀਤ ਕੌਰ ਨੇ ਆਪਣੇ ਵਿਚਾਰ ਦਿੰਦਿਆਂ ਕਿਹਾ ਕਿ ਭਾਸ਼ਾ ਵਿਭਾਗ ਅਤੇ ਕੇਂਦਰੀ ਯੂਨੀਵਰਸਿਟੀ ਨੂੰ ਮਿਲ ਕੇ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਕੰਮ ਕਰਨਾ ਚਾਹੀਦਾ ਹੈ।

ਇਸ ਮੌਕੇ ਜ਼ਿਲ੍ਹਾ ਭਾਸ਼ਾ ਦਫ਼ਤਰ ਬਠਿੰਡਾ ਦੇ ਵਿਕਰੀ ਕੇਂਦਰ ਇੰਚਾਰਜ ਸ਼੍ਰੀ ਸੁਖਮਨੀ ਸਿੰਘ ਵੱਲੋਂ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਗਈ। ਮੰਚ ਸੰਚਾਲਨ ਪ੍ਰੋਫੈਸਰ ਸੰਦੀਪ ਮੋਹਲਾਂ ਨੇ ਕੀਤਾ। ਨਾਟ ਉਤਸਵ ਵਿੱਚ ਖੋਜ ਅਫ਼ਸਰ ਨਵਪ੍ਰੀਤ ਸਿੰਘ, ਨਿਰੰਜਣ ਪ੍ਰੇਮੀ, ਡਾ. ਅਜੀਤਪਾਲ, ਸ਼ਾਮ ਲਾਲ ਭਿੱਖੀ, ਰੁਲਦੂ ਸਿੰਘ ਕੋਟਲੀ, ਬਲਵੰਤ ਜੀਦਾ, ਅਨਿਲ ਕੁਮਾਰ, ਸ਼ੁਭਮ ਸਮੇਤ ਕਾਲਜ ਦਾ ਸਟਾਫ਼ ਅਤੇ ਸ਼ਹਿਰ ਦੇ ਹੋਰ ਸਕੂਲਾਂ ਕਾਲਜਾਂ ਦੇ ਵਿਦਿਆਰਥੀ ਵੀ ਮੌਜੂਦ ਸਨ।

**-ਅਮਰਜੀਤ ਸਿੰਘ ਜੀਤ, 9417287122**

# ਪੰਜਾਬ ਸਰਕਾਰ ਨੇ ਹਲਕਾ ਦਿੜ੍ਹਬਾ ਦੇ ਨਿਵਾਸੀਆਂ ਦੀ ਚਿਰਾਂ ਤੋਂ ਲਟਕ ਰਹੀ ਮੰਗ ਨੂੰ ਪੂਰਾ ਕਰਕੇ ਵੱਡੀ ਸੌਗਾਤ ਦਿੱਤੀ - ਹਰਪਾਲ ਸਿੰਘ ਚੀਮਾ



ਦਿੜ੍ਹਬਾ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਕੈਬਨਿਟ ਮੰਤਰੀ ਸ. ਹਰਪਾਲ ਸਿੰਘ ਚੀਮਾ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕਰਦਿਆਂ ਕਿਹਾ ਹੈ ਕਿ ਪਿਛਲੇ ਡੇਢ ਸਾਲਾਂ ਦੇ ਅੰਦਰ ਅੰਦਰ ਹੀ ਅਤਿ ਆਧੁਨਿਕ ਸਬ ਡਵੀਜ਼ਨਲ ਕੰਪਲੈਕਸ ਨੂੰ ਮੁਕੰਮਲ ਕਰਵਾ ਕੇ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਦਿੜ੍ਹਬਾ ਦੇ ਨਿਵਾਸੀਆਂ ਦੀ ਚਿਰਾਂ ਤੋਂ ਲਟਕ ਰਹੀ ਮੰਗ ਨੂੰ ਪੂਰਾ ਕਰਕੇ ਵੱਡੀ ਸੌਗਾਤ ਦਿੱਤੀ ਗਈ ਹੈ। ਅੱਜ ਸਬ ਡਵੀਜ਼ਨਲ ਕੰਪਲੈਕਸ ਦੇ ਉਦਘਾਟਨੀ ਸਮਾਰੋਹ ਤੋਂ ਬਾਅਦ ਕੈਬਨਿਟ ਮੰਤਰੀ ਸ. ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪਿਛਲੇ ਸਾਲ ਮਈ ਮਹੀਨੇ ਵਿੱਚ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਇਸ ਚਾਰ ਮੰਜ਼ਿਲਾ ਅਤਿ ਆਧੁਨਿਕ ਕੰਪਲੈਕਸ ਦੇ ਨਿਰਮਾਣ ਕਾਰਜਾਂ ਦਾ ਨੀਹ ਪੱਥਰ ਰੱਖਿਆ ਗਿਆ ਸੀ ਅਤੇ ਮਹਿਜ਼ ਡੇਢ ਸਾਲਾਂ ਅੰਦਰ ਇਸ ਕੰਪਲੈਕਸ ਨੂੰ ਸਾਰੀਆਂ ਸੁਵਿਧਾਵਾਂ ਸਮੇਤ ਲੋਕ ਅਰਪਣ ਕੀਤਾ ਜਾਣਾ ਲੋਕ ਹਿੱਤ ਵਿੱਚ ਸ਼ਾਨਦਾਰ ਉਪਰਾਲਾ ਹੈ ਜਿਸ ਲਈ ਇਥੋਂ ਦੇ ਵਸਨੀਕ ਮੁੱਖ ਮੰਤਰੀ ਪੰਜਾਬ ਦੇ ਹਮੇਸ਼ਾਂ ਰਿਣੀ ਰਹਿਣਗੇ। ਕੈਬਨਿਟ ਮੰਤਰੀ ਨੇ ਇਸ ਮੌਕੇ ਹਲਕਾ ਦਿੜ੍ਹਬਾ ਦੇ ਨਿਵਾਸੀਆਂ ਨੂੰ ਵੀ ਮੁਬਾਰਕਬਾਦ ਦਿੱਤੀ। ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਆਮ ਲੋਕਾਂ ਨੂੰ ਉਨ੍ਹਾਂ ਦੇ ਰੋਜ਼ਾਨਾ ਦੇ ਪ੍ਰਸ਼ਾਸਨਿਕ ਕੰਮਾਂ ਕਾਰਾਂ ਨੂੰ ਕਰਵਾਉਣ ਵਿੱਚ ਆ ਰਹੀਆਂ ਮੁਸ਼ਕਿਲਾਂ ਨੂੰ ਸਥਾਈ ਤੌਰ 'ਤੇ ਸਮਾਪਤ ਕਰਨ ਲਈ ਇਸ ਅਤਿ ਆਧੁਨਿਕ ਸਬ ਡਵੀਜ਼ਨਲ ਕੰਪਲੈਕਸ ਦੀ ਉਸਾਰੀ ਕਰਵਾਈ ਗਈ ਹੈ। ਉਹਨਾਂ ਕਿਹਾ ਕਿ ਇਮਾਨਦਾਰੀ ਤੇ ਨੇਕ ਨੀਅਤ ਵਾਲੀ ਸੋਚ 'ਤੇ ਪਹਿਰਾ ਦਿੰਦੇ ਹੋਏ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਇਹ ਸਬ ਡਵੀਜ਼ਨਲ ਕੰਪਲੈਕਸ ਕਰੀਬ 10 ਕਰੋੜ 80 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕਰਵਾਇਆ ਗਿਆ ਹੈ ਜਦਕਿ ਇਸ ਉੱਤੇ 12 ਕਰੋੜ ਰੁਪਏ ਦਾ ਖਰਚਾ ਆਉਣ ਦੇ ਐਸਟੀਮੇਟ ਲਗਾਏ ਗਏ ਸਨ। ਉਹਨਾਂ ਨੇ ਦੱਸਿਆ ਕਿ ਇਸ ਚਾਰ ਮੰਜ਼ਿਲਾਂ ਇਮਾਰਤ ਵਿੱਚ ਜਮੀਨੀ ਮੰਜ਼ਿਲ ਉਤੇ ਐਸਡੀਐਮ ਦਫਤਰ, ਐਸਡੀਐਮ ਕੋਰਟ ਅਤੇ ਫਰਦ ਕੇਂਦਰ ਸਥਾਪਿਤ ਕੀਤਾ ਗਿਆ ਹੈ ਜਦਕਿ ਪਹਿਲੀ ਮੰਜ਼ਿਲ ਉੱਤੇ ਤਹਿਸੀਲਦਾਰ ਦਫਤਰ ਅਤੇ ਕੋਰਟ, ਦੂਜੀ ਮੰਜ਼ਿਲ ਉੱਤੇ ਬੀਡੀਪੀਓ ਦਫਤਰ ਅਤੇ ਕਾਨੂੰਗੋ ਦਫਤਰ, ਤੀਜੀ ਮੰਜ਼ਿਲ ਉੱਤੇ ਡੀਐਸਪੀ ਦਫਤਰ ਅਤੇ ਬੀਡੀਪੀਓ ਦਫਤਰ ਜਦ ਕਿ ਚੌਥੀ ਮੰਜ਼ਿਲ ਉੱਤੇ ਸੀਡੀਪੀਓ ਦਫਤਰ ਬਣਾਇਆ ਗਿਆ ਹੈ ਜਿਸ ਨਾਲ ਲੋਕਾਂ ਨੂੰ ਵੱਖ-ਵੱਖ ਪ੍ਰਸ਼ਾਸਨਿਕ ਤੇ ਪੁਲਿਸ ਨਾਲ ਸੰਬੰਧਿਤ ਸਰਕਾਰੀ ਸੇਵਾ ਇੱਕੋ ਛੱਤ ਹੇਠਾਂ ਮਿਲ ਸਕਣਗੀਆਂ ਅਤੇ ਦਿੜਬਾ ਵਾਸੀਆਂ ਨੂੰ ਨੇੜਲੀਆਂ ਸਬ ਡਵੀਜ਼ਨਾਂ ਵਿੱਚ ਕੰਮ ਕਰਵਾਉਣ ਲਈ ਨਹੀਂ ਜਾਣਾ ਪਵੇਗਾ। ਇਸ ਮੌਕੇ ਉਹਨਾਂ ਨਾਲ ਵਿਧਾਇਕ ਸੰਗਰੂਰ ਨਰਿੰਦਰ ਕੌਰ ਭਰਾਜ, ਚੇਅਰਮੈਨ ਪੰਜਾਬ ਲਘੂ ਉਦਯੋਗ ਨਿਗਮ ਦਲਬੀਰ ਸਿੰਘ ਢਿੱਲੋਂ, ਚੇਅਰਮੈਨ ਪੰਜਾਬ ਗਊ ਸੇਵਾ ਕਮਿਸ਼ਨ ਅਸ਼ੋਕ ਲੱਖਾ, ਚੇਅਰਮੈਨ ਕੰਟੇਨਰ ਐਂਡ ਵੇਅਰ ਹਾਊਸਿੰਗ ਕਾਰਪੋਰੇਸ਼ਨ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਗੁਰਮੇਲ ਸਿੰਘ ਘਰਾਚੋਂ, ਚੇਅਰਮੈਨ ਇਮਪਰੂਵਮੈਂਟ ਟਰਸਟ ਪ੍ਰੀਤਮ ਸਿੰਘ ਪੀਤੂ, ਡੀਆਈਜੀ ਪਟਿਆਲਾ ਰੇਂਜ ਮਨਦੀਪ ਸਿੰਘ ਸਿੱਧੂ, ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ, ਐਸਡੀਐਮ ਰਾਜੇਸ਼ ਸ਼ਰਮਾ, ਕੈਬਨਿਟ ਮੰਤਰੀ ਦੇ ਓਐਸਡੀ ਤਪਿੰਦਰ ਸਿੰਘ ਸੋਹੀ ਸਮੇਤ ਵੱਡੀ ਗਿਣਤੀ ਵਿੱਚ ਹੋਰ ਅਧਿਕਾਰੀ ਅਤੇ ਆਗੂ ਹਾਜ਼ਰ ਸਨ।

# ਸਿੱਖ ਸੰਘਰਸ਼ ਦੀ ਮੁੱਢਲੀ ਜਾਣਕਾਰੀ ਕਿਤਾਬ ਪੰਜ ਸ਼ਹੀਦਾਂ ਦੇ ਪਰਿਵਾਰਾਂ ਵੱਲੋਂ ਜਾਰੀ



**ਅੰਮ੍ਰਿਤਸਰ, 30 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਵੱਲੋਂ ਅਰੰਭੇ ਸੰਘਰਸ਼ 'ਚ 1978 ਤੋਂ ਹੁਣ ਤੱਕ ਸ਼ਹੀਦ ਹੋਏ ਸਿੰਘਾਂ ਬਾਰੇ ਗੁਰੂ ਨਗਰੀ ਸ੍ਰੀ ਅੰਮ੍ਰਿਤਸਰ ਵਿਖੇ ਲੇਖਕ ਭਾਈ ਜਸਪ੍ਰੀਤ ਸਿੰਘ ਪੰਥ ਦਰਦੀ ਵੱਲੋਂ ਲਿਖੀ ਇੱਕ ਨਵੀਂ ਕਿਤਾਬ ਸਿੱਖ ਸੰਘਰਸ਼ ਦੀ ਮੁੱਢਲੀ ਜਾਣਕਾਰੀ ਜੋ ਪੰਜ ਸ਼ਹੀਦਾਂ ਦੇ ਪਰਿਵਾਰਾਂ ਵੱਲੋਂ ਜਾਰੀ ਕੀਤੀ ਗਈ। ਇਹ ਕਿਤਾਬ ਖ਼ਾਲਿਸਤਾਨ ਕਮਾਂਡੋ ਫੋਰਸ ਦੇ ਜੁਝਾਰੂ ਸ਼ਹੀਦ ਭਾਈ ਕਸ਼ਮੀਰ ਸਿੰਘ ਸ਼ੀਰਾ ਪੱਟੀ ਦੇ ਭਤੀਜੇ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ (ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ), ਭਿੰਡਰਾਂਵਾਲਾ ਟਾਈਗਰ ਫੋਰਸ ਦੇ ਜੁਝਾਰੂ ਸ਼ਹੀਦ ਭਾਈ ਦਇਆ ਸਿੰਘ ਚੋਹਲਾ ਦੇ ਭਰਾ ਭਾਈ ਕਰਤਾਰ ਸਿੰਘ, ਸ਼ਹੀਦ ਭਾਈ ਬਗੀਚਾ ਸਿੰਘ ਕਾਲੀਆ ਸਕੱਤਰਾ ਦੇ ਭਰਾ ਭਾਈ ਪ੍ਰਤਾਪ ਸਿੰਘ, ਸ਼ਹੀਦ ਭਾਈ ਰੇਸ਼ਮ ਸਿੰਘ ਮਾੜੀ ਮੁਸਤਫਾ ਦੀ ਸੁਪਤਨੀ ਬੀਬੀ ਜਸਵਿੰਦਰ ਕੌਰ ਅਤੇ ਸ਼ਹੀਦ ਭਾਈ ਕਸ਼ਮੀਰ ਸਿੰਘ ਠੱਠਗੜ੍ਹ ਦੇ ਭਰਾ ਭਾਈ ਸਤਨਾਮ ਸਿੰਘ ਖ਼ਾਲਸਾ ਵੱਲੋਂ ਜਾਰੀ ਕੀਤੀ ਗਈ। ਇਸ ਮੌਕੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਭਾਈ ਜਸਪ੍ਰੀਤ ਸਿੰਘ ਪੰਥ ਦਰਦੀ ਦੇ ਇਸ ਕਾਰਜ ਦੀ ਸ਼ਲਾਘਾ ਕੀਤੀ ਤੇ ਦੱਸਿਆ ਕਿ ਕਿਤਾਬ ਵਿੱਚ ਸਿੱਖ ਸੰਘਰਸ਼ ਨੂੰ ਪ੍ਰਸ਼ਨ ਉੱਤਰ ਦੇ ਰੂਪ ਵਿੱਚ ਪੇਸ਼ ਕੀਤਾ ਗਿਆ ਹੈ ਤੇ ਇਹ ਕਿਤਾਬ ਬੱਚਿਆਂ ਲਈ ਲਾਭਕਾਰੀ ਹੋਵੇਗੀ। ਲੇਖਕ ਭਾਈ ਜਸਪ੍ਰੀਤ ਸਿੰਘ ਪੰਥ ਦਰਦੀ ਨੇ ਕਿਹਾ ਕਿ ਮੇਰੀ ਪਲੇਠੀ ਕਿਤਾਬ 'ਸਿੱਖ ਸੰਘਰਸ਼ ਬਾਰੇ ਮੁੱਢਲੀ ਜਾਣਕਾਰੀ (ਸਵਾਲ-ਜਵਾਬ)' ਵਿੱਚ ਜੋ ਜਾਣਕਾਰੀ ਸਾਂਝੀ ਕੀਤੀ ਗਈ ਹੈ, ਉਹ ਜਿੱਥੋਂ-ਜਿੱਥੋਂ ਵੀ ਜਿਸ ਤਰ੍ਹਾਂ ਮਿਲ਼ੀ ਉਸੇ ਤਰ੍ਹਾਂ ਬਿਆਨ ਕੀਤੀ ਗਈ ਹੈ। ਉਹਨਾਂ ਕਿਹਾ ਕਿ ਅੱਜ ਦੇ ਨੌਜਵਾਨ ਪਤਿਤਪੁਣਾ ਅਤੇ ਨਸ਼ੇ ਤਿਆਗ ਕੇ ਆਪਣੇ ਮਹਾਨ ਇਤਿਹਾਸ ਤੋਂ ਜਾਣੂੰ ਹੋਣ। ਲੇਖਕ ਜਸਪ੍ਰੀਤ ਸਿੰਘ ਪੰਥ ਦਰਦੀ ਨੇ ਸਿੱਖ ਸੰਘਰਸ਼ ਦੇ ਜਰਨੈਲ ਭਾਈ ਦਲਜੀਤ ਸਿੰਘ ਬਿੱਟੂ, ਬਾਬਾ ਗੁਰਮੀਤ ਸਿੰਘ ਗ੍ਰੀਸ, ਜਲਾਵਤਨੀ ਸਿੱਖ ਯੋਧੇ ਭਾਈ ਗਜਿੰਦਰ ਸਿੰਘ ਹਾਈਜੈਕਰ, ਫੈ.ਡਰੇਸ਼ਨ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਭਾਈ ਲਖਵਿੰਦਰ ਸਿੰਘ ਕਾਹਲਵਾਂ ਅਤੇ ਭਾਈ ਸਤਨਾਮ ਸਿੰਘ ਨੰਗਲ ਝੌਰ, ਭਾਈ ਸੁਰਿੰਦਰ ਸਿੰਘ ਸੰਧੂ ਜਰਮਨੀ, ਭਾਈ ਜਤਿੰਦਰ ਸਿੰਘ ਅਮਰੀਕਾ, ਭਾਈ ਹਰਬੀਰ ਸਿੰਘ ਬਾਠ ਅਮਰੀਕਾ ਤੇ ਭਾਈ ਮਨਪ੍ਰੀਤ ਸਿੰਘ ਅਮਰੀਕਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹਨਾਂ ਸਿੰਘਾਂ ਨੇ ਦਾਸ ਨੂੰ ਕੌਮ ਦੇ ਸ਼ਹੀਦਾਂ ਤੋਂ ਜਾਣੂੰ ਕਰਵਾਇਆ ਤੇ ਲਿਖਣ ਲਈ ਪ੍ਰੇਰਿਤ ਅਤੇ ਉਤਸ਼ਾਹਿਤ ਕੀਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243